ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 29 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਟਵਿਸ਼ਾ ਸ਼ਰਮਾ ਦੀ ਸੱਸ ਸਾਬਕਾ ਜੱਜ ਗਿਰੀਬਾਲਾ ਸਿੰਘ ਸੀਬੀਆਈ ਵੱਲੋਂ ਗ੍ਰਿਫ਼ਤਾਰ, 6 ਘੰਟੇ ਹੋਈ ਪੁੱਛਗਿੱਛ

**ਭੋਪਾਲ, 28 ਮਈ (ਆਵਾਜ਼ਿ ਕੌਮ ਬਿਊਰੋ)**-ਭੋਪਾਲ ’ਚ ਟਵਿਸ਼ਾ ਸ਼ਰਮਾ ਦੀ ਮੌਤ ਦੇ ਮਾਮਲੇ ਵਿੱਚ ਇੱਕ ਵੱਡਾ ਮੋੜ ਆਇਆ ਹੈ। ਮੱਧ ਪ੍ਰਦੇਸ਼ ਹਾਈਕੋਰਟ ਵੱਲੋਂ ਅਗਾਊਂ ਜ਼ਮਾਨਤ ਰੱਦ ਕੀਤੇ ਜਾਣ ਤੋਂ ਬਾਅਦ ਸੀਬੀਆਈ ਨੇ ਸਾਬਕਾ ਜੱਜ ਅਤੇ ਟਵਿਸ਼ਾ ਦੀ ਸੱਸ ਗਿਰੀਬਾਲਾ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸੀਬੀਆਈ ਦੀ ਟੀਮ ਅੱਜ ਸਵੇਰੇ ਕਰੀਬ 10:30 ਵਜੇ ਉਨ੍ਹਾਂ ਦੇ ਘਰ ਪਹੁੰਚੀ ਅਤੇ ਗ੍ਰਿਫ਼ਤਾਰੀ ਤੋਂ ਪਹਿਲਾਂ ਕਰੀਬ ਛੇ ਘੰਟੇ ਤੱਕ ਸਖ਼ਤ ਪੁੱਛਗਿੱਛ ਕੀਤੀ। ਹਾਈਕੋਰਟ ਨੇ ਆਪਣੇ ਹੁਕਮਾਂ ਵਿੱਚ ਟਵਿਸ਼ਾ ਦੇ ਸਰੀਰ ’ਤੇ ਮਿਲੀਆਂ 7 ਸੱਟਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਜਾਂਚ ਦੌਰਾਨ ਗਿਰੀਬਾਲਾ ਸਿੰਘ ਵਿਰੁੱਧ ਗੰਭੀਰ ਦੋਸ਼ ਸਾਹਮਣੇ ਆਏ ਹਨ। ਅਦਾਲਤ ਨੇ ਇਹ ਵੀ ਮੰਨਿਆ ਕਿ ਜ਼ਮਾਨਤ ਮਿਲਣ ਤੋਂ ਬਾਅਦ ਮੁਲਜ਼ਮ ਜਾਂਚ ਵਿੱਚ ਸਹਿਯੋਗ ਨਹੀਂ ਕਰ ਰਹੇ ਸਨ। ਸੀਬੀਆਈ ਨੇ ਅਦਾਲਤ ਨੂੰ ਦੱਸਿਆ ਕਿ ਮੈਡੀਕਲ ਰਿਪੋਰਟ ਅਨੁਸਾਰ ਟਵਿਸ਼ਾ ਦੇ ਸਰੀਰ ’ਤੇ ਮੌਜੂਦ ਸੱਟਾਂ ਫਾਹੇ ਤੋਂ ਉਤਾਰਦੇ ਸਮੇਂ ਨਹੀਂ ਲੱਗੀਆਂ ਸਨ। ਜਾਂਚ ਏਜੰਸੀ ਨੇ ਦਾਅਵਾ ਕੀਤਾ ਕਿ ਵਟਸਐਪ ਚੈਟਸ ਤੋਂ ਪਤਾ ਚੱਲਦਾ ਹੈ ਕਿ ਟਵਿਸ਼ਾ ਦੇ ਗਰਭਵਤੀ ਹੋਣ ਤੋਂ ਬਾਅਦ ਉਸ ਦੇ ਚਰਿੱਤਰ ’ਤੇ ਸ਼ੱਕ ਕੀਤਾ ਗਿਆ ਅਤੇ ਉਸ ’ਤੇ ਗਰਭਪਾਤ ਕਰਵਾਉਣ ਲਈ ਦਬਾਅ ਪਾਇਆ ਗਿਆ। ਇਸ ਤੋਂ ਇਲਾਵਾ, ਉਸ ਨੂੰ ਦਾਜ ਲਈ ਵੀ ਲਗਾਤਾਰ ਪਰੇਸ਼ਾਨ ਕੀਤਾ ਜਾ ਰਿਹਾ ਸੀ। ਸੀਬੀਆਈ ਨੇ ਇਹ ਵੀ ਦੋਸ਼ ਲਾਇਆ ਕਿ ਗਿਰੀਬਾਲਾ ਸਿੰਘ ਨੇ ਸੋਸ਼ਲ ਮੀਡੀਆ ’ਤੇ ਵੀਡੀਓ ਦੇ ਕੁਝ ਹਿੱਸੇ ਵਾਇਰਲ ਕਰਕੇ ਸਬੂਤਾਂ ਨਾਲ ਛੇੜਛਾੜ ਕਰਨ ਦੀ ਕੋਸ਼ਿਸ਼ ਕੀਤੀ ਸੀ।

## ਸ਼ਾਂਤੀ ਗੱਲਬਾਤ ਵਿਚਾਲੇ ਅਮਰੀਕਾ ਨੇ ਹੋਰਮੁਜ਼ ਨੇੜੇ

# ਈਰਾਨ ਦੇ ਫੌਜੀ ਟਿਕਾਣਿਆਂ ’ਤੇ ਕੀਤਾ ਹਮਲਾ

**ਤਹਿਰਾਨ, 28 ਮਈ (ਆਵਾਜ਼ਿ ਕੌਮ ਬਿਊਰੋ)**-ਸ਼ਾਂਤੀ ਗੱਲਬਾਤ ਵਿਚਾਲੇ ਅਮਰੀਕਾ ਵੱਲੋਂ ਈਰਾਨ ’ਤੇ ਮੁੜ ਹਮਲਾ ਕੀਤਾ ਗਿਆ ਹੈ। ਰਾਇਟਰਜ਼ ਨੇ ਇੱਕ ਅਮਰੀਕੀ ਅਧਿਕਾਰੀ ਦੇ ਹਵਾਲੇ ਨਾਲ ਦੱਸਿਆ ਕਿ ਸੰਯੁਕਤ ਰਾਜ ਅਮਰੀਕਾ ਨੇ ਈਰਾਨ ਦੇ ਅੰਦਰ ਨਵੇਂ ਫੌਜੀ ਹਮਲੇ ਕੀਤੇ ਹਨ, ਜਿਸ ਵਿੱਚ ਹੋਰਮੁਜ਼ ਜਲਡਮਰੂ ਦੇ ਨੇੜੇ ਇੱਕ ਫੌਜੀ ਸਹੂਲਤ ਨੂੰ ਨਿਸ਼ਾਨਾ ਬਣਾਇਆ ਗਿਆ ਹੈ ਜਿਸ ਬਾਰੇ ਵਾਸ਼ਿੰਗਟਨ ਦਾ ਮੰਨਣਾ ਹੈ ਕਿ ਇਹ ਅਮਰੀਕੀ ਸੈਨਿਕਾਂ ਅਤੇ ਵਪਾਰਕ ਜਹਾਜ਼ਾਂ ਲਈ ਖ਼ਤਰਾ ਹੈ। ਅਧਿਕਾਰੀ ਦੇ ਅਨੁਸਾਰ, ਜਿਸਨੇ ਆਪਣਾ ਨਾਮ ਗੁਪਤ ਰੱਖਿਆ, ਇਹ ਕਾਰਵਾਈ ਰਣਨੀਤਕ ਤੌਰ ’ਤੇ ਮਹੱਤਵਪੂਰਨ ਖੇਤਰ ਵਿੱਚ ਸੁਰੱਖਿਆ ਚਿੰਤਾਵਾਂ ਨੂੰ ਦੂਰ ਕਰਨ ਲਈ ਕੀਤੀ ਗਈ ਸੀ। ਅਮਰੀਕੀ ਫੌਜਾਂ ਨੇ ਕਥਿਤ ਤੌਰ ’ਤੇ ਕਈ ਈਰਾਨੀ ਡਰੋਨਾਂ ਨੂੰ ਰੋਕਿਆ ਅਤੇ ਨਸ਼ਟ ਕਰ ਦਿੱਤਾ ਜਿਨ੍ਹਾਂ ਨੂੰ ਜਲ ਮਾਰਗ ਦੇ ਨੇੜੇ ਕੰਮ ਕਰਨ ਵਾਲੇ



ਅਮਰੀਕੀ ਕਰਮਚਾਰੀਆਂ ਅਤੇ ਜਹਾਜ਼ਾਂ ਲਈ ਖ਼ਤਰਾ ਮੰਨਿਆ ਜਾਂਦਾ ਸੀ। ਅਧਿਕਾਰੀ ਨੇ ਰਾਇਟਰਜ਼ ਨੂੰ ਦੱਸਿਆ ਕਿ ਹਮਲੇ ਨੇ ਬੰਦਰ ਅੱਬਾਸ ਵਿੱਚ ਇੱਕ ਈਰਾਨੀ ਜ਼ਮੀਨੀ-ਨਿਯੰਤਰਣ ਕੇਂਦਰ ਨੂੰ ਨਿਸ਼ਾਨਾ ਬਣਾਇਆ, ਜੋ ਕਥਿਤ ਤੌਰ ’ਤੇ ਪੰਜਵਾਂ ਡਰੋਨ ਲਾਂਚ ਕਰਨ ਦੀ ਤਿਆਰੀ ਕਰ ਰਿਹਾ ਸੀ। ਇਹ ਰਿਪੋਰਟ ਕੀਤਾ ਗਿਆ ਹਮਲਾ ਵੀਰਵਾਰ ਤੜਕੇ ਈਰਾਨੀ ਬੰਦਰਗਾਹ ਸ਼ਹਿਰ ਦੇ ਨੇੜੇ ਧਮਾਕਿਆਂ ਦੀ ਆਵਾਜ਼ ਸੁਣਾਈ ਦੇਣ ਤੋਂ ਬਾਅਦ ਹੋਇਆ। ਈਰਾਨੀ ਮੀਡੀਆ ਨੇ ਸਥਾਨਕ ਸਮੇਂ ਅਨੁਸਾਰ ਸਵੇਰੇ 1:30 ਵਜੇ ਦੇ ਕਰੀਬ ਬੰਦਰ ਅੱਬਾਸ ਦੇ ਪੂਰਬ ਵਿੱਚ ਘੱਟੋ-ਘੱਟ ਤਿੰਨ ਧਮਾਕੇ ਹੋਣ ਦੀ ਰਿਪੋਰਟ ਦਿੱਤੀ, ਜਿਸ ਤੋਂ ਬਾਅਦ ਕਈ ਮਿੰਟਾਂ ਲਈ ਹਵਾਈ ਰੱਖਿਆ ਪ੍ਰਣਾਲੀਆਂ ਨੂੰ ਸਰਗਰਮ ਕੀਤਾ ਗਿਆ। ਇਹ ਹਮਲੇ, ਜੋ ਪਹਿਲਾਂ ਰਿਪੋਰਟ ਨਹੀਂ ਕੀਤੇ ਗਏ ਸਨ, ਤਿੰਨ ਮਹੀਨਿਆਂ ਦੇ ਸੰਘਰਸ਼ ਨੂੰ ਖਤਮ ਕਰਨ ਦੇ ਉਦੇਸ਼ ਨਾਲ ਚੱਲ ਰਹੀਆਂ ਗੱਲਬਾਤਾਂ ਦੇ ਵਿਚਕਾਰ ਹੋਏ, ਜਿਸ ਵਿੱਚ ਹਜ਼ਾਰਾਂ ਲੋਕ ਮਾਰੇ ਗਏ ਹਨ ਅਤੇ 28 ਫਰਵਰੀ ਨੂੰ ਅਮਰੀਕਾ ਅਤੇ ਇਜ਼ਰਾਈਲੀ ਹਮਲਿਆਂ ਤੋਂ ਬਾਅਦ ਸ਼ੁਰੂ ਹੋਣ ਤੋਂ ਬਾਅਦ ਵਿਸ਼ਵਵਿਆਪੀ ਊਰਜਾ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਹੈ।


## ਦਮਦਮੀ ਟਕਸਾਲ ਵਿਖੇ ਸ਼ਹੀਦੀ ਜੋੜ ਮੇਲੇ ਸਬੰਧੀ ਮੀਟਿੰਗ ਭਲਕੇ, ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ’ਚ 1 ਤੋਂ 6 ਜੂਨ ਦੇ ਸ਼ਹੀਦੀ ਸਮਾਗਮਾਂ ਸਬੰਧੀ ਹੋਣਗੀਆਂ ਅਹਿਮ ਵਿਚਾਰਾਂ

**ਚੌਕ ਮਹਿਤਾ, 28 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜੂਨ



1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਵਿਸ਼ਾਲ ਸ਼ਹੀਦੀ ਜੋੜ ਮੇਲਾ ਅੰਤਰਰਾਸ਼ਟਰੀ ਪੱਧਰ ’ਤੇ ਮਨਾਇਆ ਜਾ ਰਿਹਾ ਹੈ। ਗੁਰਦੁਆਰਾ ਗੁਰ ਦ ਰ ਸ਼ਨ ਪ੍ਰਕਾਸ਼ ਮਹਿਤਾ ਵਿਖੇ 1 ਤੋਂ 6 ਜੂਨ ਤੱਕ ਹੋ ਰਹੇ ਇਸ ਮਹਾਨ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਤੇ ਲੋੜੀਂਦੇ ਵੱਖ-ਵੱਖ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਅੱਜ 30 ਮਈ ,2026 ਦਿਨ ਸ਼ਨੀਵਾਰ ਨੂੰ ਸਵੇਰੇ 11:30 ਹਾਲ ਵਿਖੇ ਇਕ ਵਿਸ਼ੇਸ਼ ਇਲਾਕੇ ਦੇ ਪਤਵੰਤਿਆਂ ਸਿੰਘਾ ਦੀ ਇਕੱਤਰਤਾ ਸੱਦੀ ਗਈ ਹੈ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਵੇਗੀ, ਜਿਸ ਵਿਚ ਇਲਾਕੇ ਦੇ ਵੱਖ-ਵੱਖ ਧਾਰਮਿਕ ਸੰਪਰਦਾਵਾਂ, ਪੰਥਕ ਜਥੇਬੰਦੀਆਂ, ਸੇਵਾ ਕਮੇਟੀਆਂ, ਟਕਸਾਲੀ ਵਿਦਿਆਰਥੀਆਂ, ਪ੍ਰਚਾਰਕਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਇਹ ਸ਼ਹੀਦੀ ਸਮਾਗਮ 1 ਮਈ ਤੋਂ ਹੀ ਸ਼ੁਰੂ ਹੋ ਚੁੱਕੇ ਹਨ ਅਤੇ ਵੱਖ-ਵੱਖ ਨਗਰਾਂ ਵਿਚ ਸ਼ਬਦ ਕੀਰਤਨ ਤੇ ਕਥਾ ਦੇ ਪ੍ਰਵਾਹ ਨਿਰੰਤਰ ਚੱਲ ਰਹੇ ਹਨ। 1 ਜੂਨ ਤੋਂ ਦਮਦਮੀ ਟਕਸਾਲ ਮਹਿਤਾ ਵਿਖੇ ਸ਼ਹੀਦੀ ਹਫ਼ਤਾ ਆਰੰਭ ਹੋਵੇਗਾ, ਜਿਸ ਦੌਰਾਨ ਰੋਜ਼ਾਨਾ ਸ਼ਾਮ ਸਮਾਗਮ ਹੋਣਗੇ, ਉਪਰੰਤ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ 6 ਜੂਨ ਨੂੰ ਮੁੱਖ ਅਤੇ ਮਹਾਨ ਸ਼ਹੀਦੀ ਸਮਾਗਮ ਹੋਵੇਗਾ।

## ਸ਼੍ਰੋਮਣੀ ਕਮੇਟੀ ਨੇ ‘ਸਿਟ’ ਨੂੰ ਚੌਥੀ ਵਾਰ ਸੌਂਪਿਆਂ ਰਿਕਾਰਡ, ਹਾਈਕੋਰਟ ’ਚ ਕਮੇਟੀ ਦੇ ਹਲਫ਼ਨਾਮੇ ਨੂੰ ਝੂਠਾ ਕਰਾਰ ਦਿੱਤਾ



**ਨਵੀਂ ਦਿੱਲੀ/ਚੰਡੀਗੜ੍ਹ, 28 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ 328 ਪਾਵਨ ਬੀੜਾਂ ਨਾਲ ਸਬੰਧਤ ਮਾਮਲੇ ’ਤੇ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਵਿਸ਼ੇਸ਼ ਜਾਂਚ ਟੀਮ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ ’ਤੇ ਮੰਗਿਆ ਗਿਆ ਰਿਕਾਰਡ ਪੂਰੀ ਪਾਰਦਰਸ਼ਤਾ ਨਾਲ ਸੌਂਪਿਆ ਗਿਆ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਸਿੱਟ ਦਾ ਪੂਰਾ ਸਹਿਯੋਗ ਕਰ ਰਹੀ ਹੈ। ਇਹ ਪ੍ਰਗਟਾਵਾ ਅੱਜ ਸ਼੍ਰੋਮਣੀ ਕਮੇਟੀ ਦੇ ਚੰਡੀਗੜ੍ਹ ਸਥਿਤ ਉਪ ਦਫ਼ਤਰ ਸਿੱਟ ਨੂੰ ਮੰਗੇ ਗਏ ਦਸਤਾਵੇਜ਼ਾਂ ਦੀਆਂ ਕਾਪੀਆਂ ਦੇਣ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਡੀਆ ਨੂੰ ਸੰਬੋਧਨ ਹੁੰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਇਸ ਮਾਮਲੇ ਦੀ ਪੜਤਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨਿਗਰਾਨੀ ਹੇਠ ਹੋਈ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਵੱਲੋਂ ਬਣਾਈ ਜਾਂਚ ਟੀਮ ਨੂੰ ਸਹਿਯੋਗ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਰਦੇਸ਼ ਅਨੁਸਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 328 ਪਾਵਨ ਬੀੜਾਂ ਦੇ ਮਾਮਲੇ ਵਿਚ 7 ਦਸੰਬਰ 2025 ਨੂੰ ਐਫਆਈਆਰ ਦਰਜ ਕਰਨ ਉਪਰੰਤ ਪਹਿਲੀ ਵਾਰ ਜਾਂਚ ਟੀਮ ਦੁਆਰਾ 13 ਜਨਵਰੀ 2026 ਨੂੰ ਸ਼੍ਰੋਮਣੀ ਕਮੇਟੀ ਨੂੰ ਪੱਤਰ ਪ੍ਰਾਪਤ ਹੋਇਆ ਸੀ ਅਤੇ ਸ਼੍ਰੋਮਣੀ ਕਮੇਟੀ ਨੇ ਮੰਗਿਆ ਰਿਕਾਰਡ 29 ਜਨਵਰੀ 2026 ਨੂੰ ਚੰਡੀਗੜ੍ਹ ਸਥਿਤ ਉਪ ਦਫ਼ਤਰ ਵਿਖੇ ਜਾਂਚ ਟੀਮ ਨੂੰ ਸੌਂਪ ਦਿੱਤਾ ਸੀ। ਇਸ ਮਗਰੋਂ 17 ਫ਼ਰਵਰੀ 2026 ਨੂੰ ਮੁੜ ਪੱਤਰ ਪ੍ਰਾਪਤ ਹੋਇਆ, ਜਿਸ ਵਿਚ 8 ਮੱਦਾਂ ਬਾਰੇ ਮੰਗੀ ਗਈ ਜਾਣਕਾਰੀ 11 ਮਾਰਚ 2026 ਨੂੰ ਜਾਂਚ ਟੀਮ ਨੂੰ ਮੁਹੱਈਆ ਕਰਵਾ ਦਿੱਤੀ ਗਈ ਸੀ। ਇਸੇ ਤਰ੍ਹਾਂ 3 ਅਪ੍ਰੈਲ 2026 ਨੂੰ ਜਾਂਚ ਟੀਮ ਵੱਲੋਂ ਤੀਜਾ ਪੱਤਰ ਭੇਜਿਆ ਗਿਆ, ਜਿਸ ਰਾਹੀਂ ਮੰਗੀਆਂ ਗਈਆਂ 18 ਮੱਦਾਂ ਬਾਰੇ ਰਿਕਾਰਡ 27 ਅਪ੍ਰੈਲ 2026 ਨੂੰ ਜਾਂਚ ਟੀਮ ਦੇ ਸਪੁਰਦ ਕੀਤਾ ਗਿਆ। ਇਸ ਸਾਰੇ ਰਿਕਾਰਡ ਦੀ ਵਸੂਲੀ ਵੀ ਬਕਾਇਦਾ ਤੌਰ ’ਤੇ ਲਈ ਗਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਜਾਂਚ ਟੀਮ ਵੱਲੋਂ ਮੰਗੇ ਗਏ ਬਿੱਲ ਬੁੱਕ ਅਤੇ ਲੈਜਰਾਂ ਨਾਲ ਸਬੰਧਤ ਰਿਕਾਰਡ ਦੀਆਂ ਕਾਪੀਆਂ ਉਨ੍ਹਾਂ ਨੂੰ ਸੌਂਪੀਆਂ ਗਈਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਾਂਚ ਟੀਮ ਵੱਲੋਂ ਕੋਰਟ ਵਿਚ ਇਹ ਹਲਫ਼ਨਾਮਾ ਦਾਖ਼ਲ ਕਰਨਾ ਕਿ ਸ਼੍ਰੋਮਣੀ ਕਮੇਟੀ ਸਹਿਯੋਗ ਨਹੀਂ ਕਰ ਰਹੀ, ਸਰਾਸਰ ਝੂਠ ਹੈ। ਉਨ੍ਹਾਂ ਕਿਹਾ ਕਿ ਸੌਂਪੇ ਗਏ ਦਸਤਾਵੇਜ਼ਾਂ ਸਬੰਧੀ ਵੀਡੀਓ ਰਿਕਾਰਡ ਵੀ ਸਾਡੇ ਕੋਲ ਮੌਜੂਦ ਹੈ।

## ਸਿੱਧੂ ਮੂਸੇਵਾਲਾ ਦੀ ਬਰਸੀ ’ਤੇ ਪਿਤਾ ਦਾ ਵੱਡਾ ਬਿਆਨ, ਕਿਹਾ- ਅਜੇ ਤੱਕ ਨਹੀਂ ਮਿਲਿਆ ਇਨਸਾਫ਼



**ਮਾਨਸਾ, 28 ਮਈ (ਆਵਾਜ਼ਿ ਕੌਮ ਬਿਊਰੋ)**-ਮਰਹੂਮ ਪੰਜਾਬੀ ਗਾਇਕ Sidhu Moose Wala ਦੀ ਚੌਥੀ ਬਰਸੀ ਉਨ੍ਹਾਂ ਦੇ ਪਿੰਡ ਮੂਸਾ ਵਿੱਚ ਸ਼ਰਧਾ ਨਾਲ ਮਨਾਈ ਗਈ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦਾ ਭੋਗ ਪਾਇਆ ਗਿਆ। ਵੱਡੀ ਗਿਣਤੀ ਵਿੱਚ ਪ੍ਰਸ਼ੰਸਕਾਂ ਦੇ ਨਾਲ-ਨਾਲ ਵਿਧਾਇਕ ਪ੍ਰਗਟ ਸਿੰਘ, ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਮਾਨਸਾ ਜ਼ਿਲ੍ਹੇ ਦੇ ਕਾਂਗਰਸੀ ਵਰਕਰਾਂ ਅਤੇ ਗੁਲਾਬ ਸਿੱਧੂ, ਬਲਕਾਰ ਅਣਖੀਲਾ ਅਤੇ ਜਸਕਰਨ ਗਰੇਵਾਲ ਸਮੇਤ ਪੰਜਾਬੀ ਗਾਇਕਾਂ ਨੇ ਸਿੱਧੂ ਮੂਸੇ ਵਾਲਾ ਦੀ ਯਾਦਗਾਰ ’ਤੇ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਸਿੱਧੂ ਮੂਸੇਵਾਲਾ ਦੇ ਪਿਤਾ ਨੇ ਪੰਜਾਬ ਅਤੇ ਕੇਂਦਰ ਸਰਕਾਰ ਨਾਲ ਨਾਰਾਜ਼ਗੀ ਜ਼ਾਹਿਰ ਕੀਤੀ। ਉਨ੍ਹਾਂ ਕਿਹਾ ਕਿ ਅੱਜ ਵੀ ਉਹ ਆਪਣੇ ਜੀਣ ਦੇ ਅਧਿਕਾਰ ਲਈ ਜ਼ਿਲ੍ਹਾ ਪ੍ਰਸ਼ਾਸਨ ਅੱਗੇ ਗੁਹਾਰ ਲਗਾਉਣ ਲਈ ਮਜਬੂਰ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪੁੱਤਰ ਦੀ ਕਮਾਈ ਹੜਪਣ ਵਾਲਿਆਂ ਖ਼ਿਲਾਫ਼ ਕੇਸ ਦਰਜ ਹੋਏ ਤਿੰਨ ਮਹੀਨੇ ਬੀਤ ਚੁੱਕੇ ਹਨ ਪਰ ਹਾਲੇ ਤੱਕ ਲੁੱਕ ਆਊਟ ਸਰਕੂਲਰ ਜਾਰੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਉਨ੍ਹਾਂ ਨਾਲ ਸਮਝੌਤਾ ਕਰਵਾਉਣਾ ਚਾਹੁੰਦੀ ਹੈ ਪਰ ਉਹ ਕਦੇ ਵੀ ਇਨਸਾਫ਼ ਲਈ ਲੜਾਈ ਨਹੀਂ ਛੱਡਣਗੇ। ਉਨ੍ਹਾਂ ਇਹ ਵੀ ਆਰੋਪ ਲਗਾਇਆ ਕਿ ਕਾਂਗਰਸ ਦੇ ਕੁਝ ਆਗੂ ਉਨ੍ਹਾਂ ਨੂੰ ਖਤਮ ਕਰਨਾ ਚਾਹੁੰਦੇ ਹਨ ਤਾਂ ਜੋ ਉਹ ਵਿਧਾਨ ਸਭਾ ਚੋਣ ਨਾ ਲੜ ਸਕਣ। ਹਾਲਾਂਕਿ ਉਨ੍ਹਾਂ ਵਿਧਾਨ ਸਭਾ ਚੋਣ ਲੜਨ ਦਾ ਸੰਕਲਪ ਦੁਹਰਾਇਆ।

ਸਿੱਧੂ ਮੂਸੇਵਾਲਾ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਦੇ ਪੁੱਤਰ ਦਾ ਸੁਪਨਾ ਵਿਧਾਨ ਸਭਾ ਵਿੱਚ ਜਾਣ ਦਾ ਸੀ ਅਤੇ ਉਹ ਆਪਣੇ ਪੁੱਤਰ ਲਈ ਇਨਸਾਫ਼ ਮੰਗਣ ਵਿਧਾਨ ਸਭਾ ਤੱਕ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਸਿੱਧੂ ਦਾ ਸੁਪਨਾ ਪਿੰਡ ਵਿੱਚ ਖੇਡ ਸਟੇਡੀਅਮ ਬਣਾਉਣ ਦਾ ਸੀ ਅਤੇ ਹੁਣ ਰਾਸ਼ਟਰੀ ਪੱਧਰ ਦੇ ਖੇਡ ਸਟੇਡੀਅਮ ਦਾ ਉਦਘਾਟਨ ਵੀ ਕੀਤਾ ਗਿਆ ਹੈ।

ਵਿਧਾਇਕ ਪ੍ਰਗਟ ਸਿੰਘ , ਸਿੱਧੂ ਮੂਸੇਵਾਲਾ ਦੇ ਚਾਚਾ ਚਮਕੌਰ ਸਿੰਘ ਅਤੇ ਗਾਇਕ ਬਲਕਾਰ ਅਣਖੀਲਾ ਨੇ ਪਰਿਵਾਰ ਨੂੰ ਅਜੇ ਤੱਕ ਇਨਸਾਫ਼ ਨਾ ਮਿਲਣ ‘ਤੇ ਚਿੰਤਾ ਜਤਾਈ। ਪ੍ਰਗਟ ਸਿੰਘ ਨੇ ਕਿਹਾ ਕਿ ਇੱਕ ਮਸ਼ਹੂਰ ਕਲਾਕਾਰ ਦੇ ਪਰਿਵਾਰ ਨੂੰ ਅਜੇ ਤੱਕ ਇਨਸਾਫ਼ ਨਾ ਮਿਲਣਾ ਬਹੁਤ ਦੁੱਖਦਾਈ ਗੱਲ ਹੈ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੁਖਬੀਰ ਸਿੰਘ ਬਾਦਲ ’ਤੇ ਤੰਜ ਕੱਸਦੇ ਹੋਏ ਕਿਹਾ ਕਿ ਇੱਕ ਮੁੱਖ ਮੰਤਰੀ ਪਿੰਡ ਵਿੱਚ “ਕਿਕਲੀ ਸੁਣ ਰਿਹਾ ਹੈ ਅਤੇ ਦੂਜਾ “ਸੀਪ ਦੀ ਬਾਜ਼ੀ ਲਗਾਉਣ ਦੀ ਗੱਲ ਕਰ ਰਿਹਾ ਹੈ। ਉਸਨੇ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਪੰਜਾਬ ਦੇ ਮੁੱਦਿਆਂ ਪ੍ਰਤੀ ਗੰਭੀਰ ਨਹੀਂ ਹੈ।

## ਕੇਵਲ ਸਿੰਘ ਢਿੱਲੋਂ ਬਣੇ ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ, ਜਾਣੋ ਕੌਣ ਹਨ ਤੇ ਭਾਜਪਾ ਨੇ ਕਿਉਂ ਬਣਾਇਆ ?

**ਚੰਡੀਗੜ੍ਹ, 28 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਭਾਜਪਾ ਨੂੰ ਨਵਾਂ ਪ੍ਰਧਾਨ ਮਿਲ ਗਿਆ ਹੈ। ਹਾਈਕਮਾਂਡ ਨੇ ਬਰਨਾਲਾ ਤੋਂ ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਦਾ ਨਵਾਂ ਪ੍ਰਧਾਨ ਚੁਣਿਆ ਹੈ। ਇਸ ਦੇ ਨਾਲ ਹੀ ਭਾਜਪਾ ਵੱਲੋਂ ਹਰਿਆਣਾ ’ਚ ਡਾ. ਅਰਚਨਾ ਗੁਪਤਾ, ਦਿੱਲੀ ’ਚ ਹਰਸ਼ ਮਲਹੋਤਰਾ ਅਤੇ ਤ੍ਰਿਪੁਰਾ ’ਚ ਅਭਿਸ਼ੇਕ ਦੇਬਰਾਏ ਨੂੰ ਨਵੇਂ ਇੰਚਾਰਜਾਂ ਦੀ ਵੀ ਨਿਯੁਕਤੀ ਕੀਤੀ ਗਈ ਹੈ। ਉਧਰ, ਪੰਜਾਬ ਪ੍ਰਧਾਨ ਬਣਨ ਤੋਂ ਬਾਅਦ ਕੇਵਲ ਢਿੱਲੋਂ ਦੀ ਪਹਿਲੀ ਪ੍ਰਤੀਕਿਰਿਆ ਸਾਹਮਣੇ



ਆਈ ਹੈ। ਉਨ੍ਹਾਂ ਨੇ ਕਿਹਾ ਕਿ ਮੈਨੂੰ ਵੀ ਹੁਣੇ ਹੀ ਪਤਾ ਲੱਗਿਆ ਹੈ ਕਿ ਪਾਰਟੀ ਨੇ ਮੈਨੂੰ ਇਹ ਜਿੰਮੇਵਾਰੀ ਸੌਂਪੀ ਹੈ। ਉਨ੍ਹਾਂ ਕਿਹਾ ਕਿ ਮੈਂ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਵਾਂਗਾ। ਭਾਜਪਾ ਦੀ 2027 ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪੂਰੀ ਤਿਆਰੀ ਹੈ ਅਤੇ ਪੰਜਾਬ ’ਚ ਕਮਲ ਖਿੜੇਗਾ ਕਿਉਂਕਿ ਹੁਣ ਬੰਗਾਲ ਦੀ ਤਰ੍ਹਾਂ ਪੰਜਾਬ ਦੀ ਵਾਰੀ ਹੈ। ਦੱਸ ਦਈਏ ਕਿ ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਦੀ ਲੋੜ ਇਸ ਲਈ ਵੀ ਜ਼ਰੂਰੀ ਸੀ ਕਿ ਸੁਨੀਲ ਜਾਖੜ ਦਾ ਕਾਰਜਕਾਲ ਵੀ ਛੇਤੀ ਖ਼ਤਮ ਹੋ ਰਿਹਾ ਸੀ। ਉਨ੍ਹਾਂ ਦਾ 3 ਸਾਲ ਦਾ ਕਾਰਜਕਾਲ ਅਗਲੇ ਮਹੀਨੇ ਜੁਲਾਈ ਵਿੱਚ ਖਤਮ ਹੋ ਰਿਹਾ ਸੀ। ਹਾਲਾਂਕਿ, ਜਾਖੜ, ਪਾਰਟੀ ਵਿੱਚ ਅਗਲੇ ਸਾਲ ਵਿਧਾਨ ਸਭਾ ਚੋਣਾਂ ’ਚ ਪ੍ਰਚਾਰ ਦੀ ਭੂਮਿਕਾ ਨਿਭਾਉਂਦੇ ਰਹਿਣਗੇ। ਦੂਜੇ ਪਾਸੇ, ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਵੀ ਪਾਰਟੀ ਲਈ ਇਹ ਬਹੁਤ ਹੀ ਮਹੱਤਵਪੂਰਨ ਹੈ ਕਿ ਸਿੱਖ ਚਿਹਰੇ ਦੀ ਵੀ ਭਾਲ ਸੀ। ਪੰਜਾਬ ਖ਼ਬਰਾਂ ਐਪ ਭਾਜਪਾ ਹਾਈਕਮਾਨ ’ਚ ਪੰਜਾਬ ਦੀ ਨੁਮਾਇੰਦਗੀ ਕਰਦੇ ਸੀਨੀਅਰ ਲੀਡਰ ਤੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਵੀ 2027 ਚੋਣਾਂ ਦੇ ਮੱਦੇਨਜ਼ਰ ਸਿੱਖ ਆਗੂ ਦੀ ਵਕਾਲਤ ਕਰ ਰਹੇ ਸਨ, ਭਾਵੇਂ ਕਿ ਭਾਜਪਾ, ਹਮੇਸ਼ਾ ਹਿੰਦੂ ਸਮਰਥਕ ਰਹੀ ਹੈ। 75 ਸਾਲਾ ਢਿੱਲੋਂ ਦਾ ਜਨਮ ਬਰਨਾਲਾ ਦੇ ਟੱਲੇਵਾਲ ਪਿੰਡ ਵਿੱਚ ਹੋਇਆ ਸੀ। ਉਨ੍ਹਾਂ ਨੇ 2007 ਤੋਂ 2017 ਤੱਕ ਬਰਨਾਲਾ ਤੋਂ ਵਿਧਾਇਕ ਵਜੋਂ ਸੇਵਾ ਨਿਭਾਈ, ਜਦੋਂ ਉਨ੍ਹਾਂ ਨੂੰ ’ਆਪ’ ਦੇ ਗੁਰਮੀਤ ਸਿੰਘ ਮੀਤ ਹੇਅਰ ਨੇ ਹਰਾਇਆ ਸੀ। ਉਪਰੰਤ ਉਹ ਪੰਜਾਬ ਵਿਧਾਨ ਸਭਾ ਚੋਣਾਂ ’ਚ ਪਾਰਟੀ ਦੀ ਹਾਰ ਤੋਂ ਬਾਅਦ ਕਈ ਹੋਰ ਕਾਂਗਰਸੀ ਨੇਤਾਵਾਂ ਦੇ ਨਾਲ ਜੂਨ 2022 ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਸਨ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਸ਼ੁੱਕਰਵਾਰ | ਜਬੋਂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ / ਨਿੱਕੇ ਘੁੰਮਣ | ਸਵੇਰੇ 12 ਤੋਂ 2 ਵਜੇ ਤੱਕ / ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ਨੀਵਾਰ | ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਮੰਗਲਵਾਰ | ਭਲਾਈਪੁਰ ਪੁਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਐਤਵਾਰ | ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫਤਾਰੀ ਸਾਹਿਬ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--★ ਬੇਨਤੀ ਕਰਤਾ ★--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





★ ਪ੍ਰਣਾਮ ਸ਼ਹੀਦਾਂ ਨੂੰ ★

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

**ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ**

--★ ਜਾਰੀ ਕਰਤਾ ★--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਟੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਟੁੱਟ ਵਰਤਣਗੇ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ

## 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਵਿਦੇਸ਼ ਨਿਵਾਸੀ ਸਿੰਘਾਂ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਭਾਈ ਅਵਤਾਰ ਸਿੰਘ ਕੂੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਭਾਈ ਬਲਿਹਾਰ ਸਿੰਘ ਰੰਧਾਵਾ ਸਿੱਖ ਵਿਦਵਾਨ
ਭਾਈ ਤੇਜਿੰਦਰ ਸਿੰਘ ਜੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਜੀ ਬਿਆਸ ਪਿੰਡ ਵਾਲੇ, ਯੂ.ਕੇ.
ਭਾਈ ਮੋਹਨ ਸਿੰਘ ਜੀ ਯੂ.ਕੇ.
ਭਾਈ ਰੇਸ਼ਮ ਸਿੰਘ ਜੀ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਲਹਿੰਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਜੀ ਭਿੰਡਰ ਕਲਾਂ ਯੂ.ਏ.ਈ
ਭਾਈ ਜਸਵਿੰਦਰ ਸਿੰਘ ਜੀ ਕਿੱਲੀ ਚਾਹਲ
ਗਿਆਨੀ ਸੰਦੀਪ ਸਿੰਘ ਜੀ ਯੂ.ਐਸ.ਏ.
ਭਾਈ ਕੇਹਰ ਸਿੰਘ ਜੀ ਯੂ.ਕੇ.
ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਜਥੇਦਾਰ ਨਾਜਰ ਸਿੰਘ ਜੀ ਭਾਈ ਕੇ ਬਖਤੌਰ ਵਾਲੇ
ਪ੍ਰੋ. ਜਸਪਾਲ ਸਿੰਘ ਜੀ ਕੋਟਕਪੂਰਾ
ਸ੍ਰੀ ਤਰੁਣ ਜੈਨ ਬਾਵਾ ਪ੍ਰਧਾਨ ਵਪਾਰ ਮੰਡਲ ਭਾਰਤ
ਮੈਨੇਜਰ ਸ. ਬਲਜੀਤ ਸਿੰਘ ਗੁ. ਸ਼ਹੀਦ ਬਾਬਾ ਨਿਹਾਲ ਸਿੰਘ ਤੱਲਣ
ਬਾਬਾ ਹਰਮੇਲ ਸਿੰਘ ਜੀ ਸਰਦੂਲੇ ਵਾਲੇ
ਗਿਆਨੀ ਮੇਵਾ ਸਿੰਘ ਜੀ ਦਮਦਮੀ ਟਕਸਾਲ ਦਿੱਲੀ ਵਾਲੇ
ਭਾਈ ਸੁਖਰਾਜ ਸਿੰਘ ਨਿਆਮੀਵਾਲਾ ਸ਼ਹੀਦ ਪਰਿਵਾਰ
ਭਾਈ ਲਵਪ੍ਰੀਤ ਸਿੰਘ ਅੰਮ੍ਰਿਤਸਰ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਗਿਆਨੀ ਰਾਜਪਾਲ ਸਿੰਘ ਬੈਂਪਰਾਏ ਪ੍ਰਚਾਰਕ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸਤਨਾਮ ਸਿੰਘ ਅਲਗੋ ਖੁਰਦ ਵਾਲੇ
ਭਾਈ ਕਿਰਪਾਲ ਸਿੰਘ ਜੀ ਦਮਦਮੀ ਟਕਸਾਲ ਵਾਲੇ
ਗਿਆਨੀ ਰਣਜੋਧ ਸਿੰਘ ਜੀ ਭਦੌੜ ਵਾਲੇ
ਜਥੇਦਾਰ ਕੇਵਲ ਸਿੰਘ ਕੱਦੋਂ ਮਾਛੀਵਾੜਾ ਸਾਹਿਬ ਵਾਲੇ
ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ
ਜਥੇਦਾਰ ਬਹਾਦਰ ਸਿੰਘ ਭਾਰਟਾ ਸੀ: ਮੀਤ ਪ੍ਰਧਾਨ ਯੂਨਾਈਟਿਡ ਅਕਾਲੀ ਦਲ
ਭਾਈ ਬੇਅੰਤ ਸਿੰਘ ਸ਼ਹਿਰੀ ਪ੍ਰਧਾਨ ਫਿਰੋਜ਼ਪੁਰ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 20ਵੀਂ ਸਦੀ ਦੇ ਉੱਘੇ ਕੀਰਤਨੀਏ - ਰਾਗੀ ਭਾਈ ਜਵਾਲਾ ਸਿੰਘ

## 29 ਮਈ ਬਰਸੀ 'ਤੇ ਵਿਸ਼ੇਸ਼



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040

**ਗੁਰਬਾਣੀ** ਕੀਰਤਨ ਨੂੰ ਪੀੜ੍ਹੀ ਦਰ ਪੀੜ੍ਹੀ ਘਰ-ਘਰ ਪਹੁੰਚਾਉਣ ਵਾਲੇ ਸਿੱਖ ਪੰਥ ਦੇ ਸਤਿਕਾਰਤ ਕੀਰਤਨੀਏ ਰਾਗੀ ਭਾਈ ਜਵਾਲਾ ਸਿੰਘ ਨੂੰ ਹਰੇਕ ਕੀਰਤਨ ਰਸੀਆ ਅੱਜ ਵੀ ਯਾਦ ਕਰਦਾ ਹੈ । ਦਸਾਂ ਨੌਹਾਂ ਦੀ ਕਿਰਤ ਕਰਕੇ ਗੁਜ਼ਾਰਾ ਕਰਦਿਆਂ, ਹਿਰਦੇ ਘਰ ਵਿੱਚੋਂ ਨਿਕਲੀਆਂ ਕੀਰਤਨ ਦੀਆਂ ਧੁਨਾਂ ਤੇ ਗੀਤਾਂ ਨੂੰ ਗਾਇਨ ਕਰਦਿਆਂ, ਤੰਤੀ ਸਾਜ, ਸਿਰੰਦੇ ਦੇ ਸਾਜ, ਬਾਕੀ ਸਾਜਾਂ ਨੂੰ ਮੋਢਿਆਂ 'ਤੇ ਚੁੱਕ ਕੇ ਪੈਦਲ ਚੱਲਦਿਆਂ ਜੀਵਨ ਭਰ ਕੀਰਤਨ ਕੀਤਾ । ਪਿੰਡਾਂ, ਸ਼ਹਿਰਾਂ ਨੂੰ ਆਉਣ ਜਾਣ ਦੇ ਸਾਧਨ ਨਹੀਂ ਸਨ । ਸਾਂਝੇ ਪੰਜਾਬ ਵਿੱਚ ਗੁਰਦੁਆਰਾ ਸੁਧਾਰ ਲਹਿਰ ਚੱਲ ਰਹੀ ਸੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਪਹਿਲਾਂ ਸਿੰਘ ਸਭਾ ਲਹਿਰ ਦੇ ਪ੍ਰਭਾਵ ਹੇਠ ਭਾਈ ਜਵਾਲਾ ਸਿੰਘ ਨੇ ਕੀਰਤਨ ਕਰਦਿਆਂ ਆਪਣੇ ਬਹੁਮੁੱਲੇ ਵਿਚਾਰਾਂ ਦੁਆਰਾ ਗੁਰਧਾਮਾਂ ਦੀ ਮਾਣ-ਮਰਿਯਾਦਾ ਅਤੇ ਸਿੱਖ ਸਿਧਾਂਤਾਂ ਦਾ ਜਿਹੜਾ ਪ੍ਰਚਾਰ ਕੀਤਾ, ਉਸ ਦਾ ਜ਼ਿਕਰ ਅੱਜ ਵੀ ਕਰਨਾ ਬਣਦਾ ਹੈ ।20ਵੀਂ ਸਦੀ ਦੇ ਪਹਿਲੇ ਅੱਜ ਦੇ ਬਿਖੜੇ ਸਮੇਂ ਜਦੋਂ ਕੋਈ ਸੁੱਖ ਸਹੂਲਤਾਂ ਵੀ ਨਹੀਂ ਸਨ । ਗੁਰਦੁਆਰਾ ਸਾਹਿਬਾਨ ਤੇ ਧਰਮਸ਼ਾਲਾਵਾਂ ਦੀਆਂ ਇਮਾਰਤਾਂ ਅੱਧ-ਕੱਚੀਆਂ ਸਨ, ਆਉਣ ਜਾਣ ਦੇ ਸਾਧਨ ਵੀ ਹੁਣ ਵਰਗੇ ਨਹੀਂ ਸਨ, ਸਾਂਝੇ ਪੰਜਾਬ ਦੇ ਪਿੰਡਾਂ ਸ਼ਹਿਰਾਂ ਵਿੱਚ ਪੈਦਲ, ਬੈਲ-ਗੱਡੀਆਂ, ਊਠਾਂ-ਘੋੜਿਆਂ ਰਾਹੀਂ ਸਫ਼ਰ ਕਰਨਾ ਪੈਂਦਾ ਸੀ । ਭਾਈ ਸਾਹਿਬ ਆਪਣੇ ਕੀਰਤਨੀ ਜਥੇ ਨਾਲ ਆਪਣੇ ਪਿੰਡ ਸੈਦਪੁਰ (ਨੇੜੇ ਠੱਠਾ ਟਿੱਬਾ) ਜ਼ਿਲ੍ਹਾ ਕਪੂਰਥਲਾ ਤੋਂ ਸਮੁੱਚੇ ਦੇਸ਼ ਵਿੱਚ ਕੀਰਤਨ ਦੀ ਅਮੋਲਕ ਦਾਤ ਵੰਡਣ ਲਈ ਦਿਨ ਰਾਤ ਸਫ਼ਰ ਕਰਦੇ ਸਨ । ਗੁਰਸਿੱਖ ਸਿਧਾਂਤਾਂ ਨਾਲ ਪਿਆਰ ਕਰਨ ਵਾਲਾ ਹਰ ਗੁਰਸਿੱਖ ਉਨ੍ਹਾਂ ਨਾਲ ਪਿਆਰ ਕਰਦਾ ਸੀ ।ਗੁਰਦੁਆਰਾ ਸੁਧਾਰ ਲਹਿਰ ਵਿੱਚ ਸ਼ਹੀਦ ਹੋਣ ਵਾਲੇ ਸ਼ਹੀਦਾਂ ਦੇ ਘਰਾਂ ਵਿੱਚ ਗੁਰਬਾਣੀ ਕੀਰਤਨ ਨਾਲ ਪਰਿਵਾਰਾਂ ਨੂੰ ਢਾਰਸ ਤੇ ਅਰਦਾਸ ਲਈ ਪੁੱਜਣਾ ਭਾਈ ਜਵਾਲਾ ਸਿੰਘ ਆਪਣਾ ਫਰਜ਼ ਸਮਝਦੇ ਸਨ । ਇਸੇ ਕਰਕੇ ਗੁਰਦੁਆਰਾ ਸੁਧਾਰ ਲਹਿਰ ਨਾਲ ਜੁੜਿਆ ਹਰ ਸਿੱਖ ਆਗੂ ਭਾਈ ਸਾਹਿਬ ਨਾਲ ਅਥਾਹ ਪਿਆਰ ਕਰਦਾ ਸੀ । ਉਨ੍ਹਾਂ ਦਾ ਸਿਰੰਦਾ ਅੱਜ ਵੀ ਕੇਂਦਰੀ ਸਿੱਖ ਮਿਊਜ਼ੀਅਮ ਵਿੱਚ ਸਾਂਭਿਆ ਹੋਇਆ ਹੈ । ਰਾਗੀ ਭਾਈ ਜਵਾਲਾ ਸਿੰਘ ਦੇ ਦੋਵੇਂ ਸਪੁੱਤਰ ਸੱਚਖੰਡ ਵਾਸੀ ਭਾਈ ਅਵਤਾਰ ਸਿੰਘ, ਗੁਰਚਰਨ ਸਿੰਘ ਦਿੱਲੀ ਵਾਲੇ ਲਗਾਤਾਰ 40-50 ਸਾਲ ਗੁਰਦੁਆਰਾ ਸੀਸ ਗੰਜ ਸਾਹਿਬ, ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਤੇ ਹੋਰ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਸੇਵਾ ਨਿਭਾਉਂਦੇ ਰਹੇ । ਜੋ ਆਪਣੇ ਸਮੇਂ ਦੇ ਨਾਮਵਰ ਕੀਰਤਨੀਏ ਸਨ ।ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸੰਗੀਤ ਵਿਭਾਗ ਨੇ ਭਾਈ ਜਵਾਲਾ ਸਿੰਘ ਦੀਆਂ ਪੁਰਾਤਨ ਗੀਤਾਂ ਨੂੰ ਇਨ੍ਹਾਂ ਦੇ ਦੋਹਾਂ ਸਪੁੱਤਰਾਂ ਤੋਂ ਗਾਇਨ ਕਰਵਾ ਕੇ ਸੰਭਾਲਣ ਦਾ ਯਤਨ ਕੀਤਾ ਹੈ । ਨਾਲ ਹੀ ਇਨ੍ਹਾਂ ਪੁਰਾਤਨ ਗੀਤਾਂ ਨੂੰ ਗੁਰਮਤਿ ਗੀਤ ਰਤਨਾਵਲੀ ਪੁਸਤਕ ਦੋ ਭਾਗਾਂ ਵਿੱਚ ਭਵਿੱਖ ਦੇ ਕੀਰਤਨੀਆਂ ਤੇ ਰਾਗੀਆਂ ਲਈ ਪ੍ਰਕਾਸ਼ਤ ਕਰਵਾਈ ਗਈ ।

ਅੱਜ ਵੀ ਇਹ ਪਰਿਵਾਰ ਗੁਰਬਾਣੀ ਕੀਰਤਨ ਦੇ ਮੰਨੇ-ਪ੍ਰਮੰਨੇ ਸੰਗੀਤਕ ਘਰਾਣੇ ਵਜੋਂ ਕੀਰਤਨ ਦੀ ਸੇਵਾ ਨੂੰ ਸਮਰਪਿਤ ਹੈ । ਭਾਈ ਜਵਾਲਾ ਸਿੰਘ ਦਾ ਜਨਮ ਭਾਈ ਦੇਵਾ ਸਿੰਘ ਦੇ ਘਰ ਸੈਦਪੁਰ (ਕਪੂਰਥਲਾ) ਵਿਖੇ 1872 ਈ: ਵਿੱਚ ਹੋਇਆ ।ਆਪਣੇ ਪਿਤਾ ਜੀ ਵਾਂਗ ਪਰਿਵਾਰ ਦੇ ਨਿਰਬਾਹ ਲਈ ਖੇਤੀ-ਬਾੜੀ ਦਾ ਧੰਦਾ ਵੀ ਕੀਤਾ । ਭਾਈ ਜਵਾਲਾ ਸਿੰਘ ਦੇ ਦਾਦਾ ਜੀ ਭਾਈ ਪੰਜਾਬ ਸਿੰਘ ਵੀ ਆਪਣੇ ਸਮੇਂ ਦੇ ਪ੍ਰਸਿੱਧ ਰਾਗੀ ਸਨ । ਭਾਈ ਸਾਹਿਬ ਨੂੰ ਕਲਾਸੀਕਲ ਤੇ ਗੁਰਮਤਿ ਸੰਗੀਤ ਦੀ ਗੁੜ੍ਹਤੀ ਪਰਿਵਾਰ ਵਿੱਚੋਂ ਹੀ ਮਿਲੀ ।ਆਪਣੇ ਪਿੰਡ ਦੇ ਗ੍ਰੰਥੀ ਸਿੰਘ ਤੋਂ ਗੁਰਮੁਖੀ ਦਾ ਗਿਆਨ ਪ੍ਰਾਪਤ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਥਿਆ ਪ੍ਰਾਪਤ ਕੀਤੀ । ਪਿੱਛੋਂ ਫਿਰੋਜ਼ਪੁਰ ਜ਼ਿਲ੍ਹੇ ਦੇ ਇਕ ਪਿੰਡ ਦੇ ਨਿਰਮਲੇ ਸੰਤਾਂ ਦੇ ਡੇਰੇ ਵਿੱਚ ਕੀਰਤਨ ਦੀ ਸਿਖਲਾਈ ਪ੍ਰਾਪਤ ਕੀਤੀ ।ਇਸ ਤੋਂ ਬਾਅਦ ਅੰਮ੍ਰਿਤਸਰ ਪੁੱਜ ਕੇ ਭਾਈ ਵਸਾਵਾ ਸਿੰਘ ਦੇ ਸ਼ਿਗਰਦ ਬਣੇ । ਹਰ ਸ਼ਹੀਦੀ ਸਾਕੇ ਬਾਅਦ ਵੈਰਾਗਮਈ ਕੀਰਤਨ ਕਰਦਿਆਂ ਸੰਗਤ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ ।ਅਣਵੰਡੇ ਪੰਜਾਬ ਦੇ ਉੱਘੇ ਸੰਤ ਮਹਾਂਪੁਰਸ਼ਾਂ ਦੇ ਅਸਥਾਨਾਂ 'ਤੇ ਕਈ-ਕਈ ਦਿਨ ਠਹਿਰ ਕੇ ਕੀਰਤਨ ਦੀਆਂ ਛਹਿਬਰਾਂ ਲਾਉਂਦੇ ਰਹੇ । ਇਸੇ ਕਰਕੇ ਨਿਰਮਲੇ, ਉਦਾਸੀ, ਨਿਹੰਗ ਸਿੰਘ, ਸੇਵਾ-ਪੰਥੀ ਤੇ ਕਾਰਸੇਵਾ ਵਾਲਿਆਂ ਦੇ ਸਾਰੇ ਅਸਥਾਨਾਂ ਤੋਂ ਭਰਪੂਰ ਪਿਆਰ ਪ੍ਰਾਪਤ ਕਰਦੇ ਸਨ । ਭਾਈ ਸਾਹਿਬ ਦੀ ਤੀਜੀ ਤੇ ਚੌਥੀ ਪੀੜ੍ਹੀ ਵਿੱਚ ਇੰਜੀਨੀਅਰ ਭਾਈ ਕੁਲਤਾਰ ਸਿੰਘ ਹਜੂਰੀ ਰਾਗੀ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਅਤੇ ਕਲਾਸੀਕਲ ਅਤੇ ਸ਼ਾਸਤਰੀ ਸੰਗੀਤ ਕਲਾ ਨੂੰ ਪ੍ਰਚਾਰਨ ਵਾਲੇ ਭਾਈ ਬਲਦੀਪ ਸਿੰਘ ਦਿੱਲੀ ਦੇਸ਼ ਵਿਦੇਸ਼ ਵਿੱਚ ਵਿਚਰ ਕੇ ਸੇਵਾ ਨਿਭਾ ਰਹੇ ਹਨ । ਸਮੁੱਚੇ ਪੰਥ ਨੂੰ ਕੀਰਤਨ ਦੀਆਂ ਮਧੁਰ ਧੁਨਾਂ ਨਾਲ ਜੋੜਨ ਵਾਲੇ ਭਾਈ ਜਵਾਲਾ ਸਿੰਘ 29 ਮਈ, 1952 ਈ: ਵਿੱਚ ਗੁਰਬਾਣੀ ਕੀਰਤਨ ਦੇ ਆਪਣੇ ਪਿਆਰੇ ਸਰੋਤਿਆਂ ਨੂੰ ਸਦੀਵੀ ਵਿਛੋੜਾ ਦੇ ਗਏ । ਅੱਜ ਉਨ੍ਹਾਂ ਦੀ 71ਵੀਂ ਯਾਦ ਵਿੱਚ ਸਮੁੱਚਾ ਸਿੱਖ ਜਗਤ ਉਨ੍ਹਾਂ ਵੱਲੋਂ ਪਾਏ ਯੋਗਦਾਨ ਨੂੰ ਯਾਦ ਕਰ ਰਿਹਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

## ਭਾਜਪਾ ਵੱਲੋਂ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਪ੍ਰਧਾਨ ਬਣਾਉਣਾ

# 2027 ਚੋਣਾਂ ਲਈ ਵੱਡਾ ਸਿਆਸੀ ਦਾਅ



**ਚੰਡੀਗੜ੍ਹ :** ਭਾਰਤੀ ਜਨਤਾ ਪਾਰਟੀ ਵੱਲੋਂ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਨਵਾਂ ਪ੍ਰਧਾਨ ਨਿਯੁਕਤ ਕਰਨ ਦੇ ਫੈਸਲੇ ਨੂੰ ਪੰਜਾਬ ਦੀ ਸਿਆਸਤ ਵਿੱਚ ਇੱਕ ਮਹੱਤਵਪੂਰਨ ਮੋੜ ਵਜੋਂ ਦੇਖਿਆ ਜਾ ਰਿਹਾ ਹੈ। ਇਹ ਨਿਯੁਕਤੀ ਸਿਰਫ਼ ਸੰਗਠਨਾਤਮਕ ਤਬਦੀਲੀ ਨਹੀਂ, ਸਗੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਦੀ ਨਵੀਂ ਰਾਜਨੀਤਿਕ ਰਣਨੀਤੀ ਦਾ ਸਪੱਸ਼ਟ ਸੰਕੇਤ ਮੰਨੀ ਜਾ ਰਹੀ ਹੈ। ਪਾਰਟੀ ਹੁਣ ਪੰਜਾਬ ਵਿੱਚ ਆਪਣਾ ਵੱਖਰਾ ਆਧਾਰ ਮਜ਼ਬੂਤ ਕਰਨ ਅਤੇ ਜੱਟ ਸਿੱਖ ਵੋਟ ਬੈਂਕ ਵਿੱਚ ਦਾਖ਼ਲਾ ਬਣਾਉਣ ਦੀ ਕੋਸ਼ਿਸ਼ ਕਰਦੀ ਦਿਖਾਈ ਦੇ ਰਹੀ ਹੈ। ਕੇਵਲ ਸਿੰਘ ਢਿੱਲੋਂ ਪੰਜਾਬ ਦੀ ਰਾਜਨੀਤੀ ਦਾ ਜਾਣਿਆ-ਪਛਾਣਿਆ ਚਿਹਰਾ ਹਨ। ਬਰਨਾਲਾ ਨਾਲ ਸੰਬੰਧਤ ਢਿੱਲੋਂ ਪਹਿਲਾਂ ਕਾਂਗਰਸ ਦੇ ਵਿਧਾਇਕ ਰਹਿ ਚੁੱਕੇ ਹਨ ਅਤੇ ਉਹ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਨਜ਼ਦੀਕੀ ਮੰਨੇ ਜਾਂਦੇ ਰਹੇ ਹਨ। ਮਾਲਵਾ ਖੇਤਰ ਵਿੱਚ ਉਹਨਾਂ ਦੀ ਮਜ਼ਬੂਤ ਪਕੜ ਅਤੇ ਜੱਟ ਸਿੱਖ ਭਾਈਚਾਰੇ ਵਿੱਚ ਪ੍ਰਭਾਵ ਨੂੰ ਭਾਜਪਾ ਲਈ ਵੱਡੇ ਸਿਆਸੀ ਲਾਭ ਵਜੋਂ ਦੇਖਿਆ ਜਾ ਰਿਹਾ ਹੈ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਭਾਜਪਾ ਨੇ ਇਹ ਫੈਸਲਾ ਸੋਚ-ਵਿਚਾਰ ਨਾਲ ਲਿਆ ਹੈ ਤਾਂ ਜੋ ਪਾਰਟੀ ਨੂੰ ਪਿੰਡਾਂ ਅਤੇ ਖੇਤੀਬਾੜੀ ਨਾਲ ਜੁੜੇ ਵਰਗਾਂ ਵਿੱਚ ਮਜ਼ਬੂਤੀ ਮਿਲ ਸਕੇ। ਪੰਜਾਬ ਦੀ ਰਾਜਨੀਤੀ ਵਿੱਚ ਜੱਟ ਸਿੱਖ ਭਾਈਚਾਰੇ ਦਾ ਲੰਬੇ ਸਮੇਂ ਤੋਂ ਵੱਡਾ ਪ੍ਰਭਾਵ ਰਿਹਾ ਹੈ। ਰਾਜ ਦੀ ਸਿਆਸੀ ਦਿਸ਼ਾ ਅਕਸਰ ਇਸੇ ਵਰਗ ਦੇ ਰੁਝਾਨਾਂ ਨਾਲ ਤੈਅ ਹੁੰਦੀ ਰਹੀ ਹੈ। ਹੁਣ ਤੱਕ ਭਾਜਪਾ ਦੀ ਛਵੀ ਪੰਜਾਬ ਵਿੱਚ ਮੁੱਖ ਤੌਰ 'ਤੇ ਸ਼ਹਿਰੀ ਹਿੰਦੂ ਅਤੇ ਵਪਾਰੀ ਵਰਗ ਦੀ ਪਾਰਟੀ ਵਜੋਂ ਬਣੀ ਹੋਈ ਸੀ। ਅਕਾਲੀ ਦਲ ਨਾਲ ਗਠਜੋੜ ਦੌਰਾਨ ਵੀ ਭਾਜਪਾ ਨੇ ਪਿੰਡਾਂ ਦੇ ਵੋਟਰਾਂ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਨਹੀਂ ਕੀਤੇ ਸਨ। ਪਰ ਕਿਸਾਨ ਅੰਦੋਲਨ ਤੋਂ ਬਾਅਦ ਅਕਾਲੀ ਦਲ ਅਤੇ ਭਾਜਪਾ ਦੇ ਰਾਹ ਵੱਖ ਹੋਣ ਨਾਲ ਪਾਰਟੀ ਨੂੰ ਪੰਜਾਬ ਵਿੱਚ ਨਵੀਂ ਰਾਜਨੀਤਿਕ ਜ਼ਮੀਨ ਤਿਆਰ ਕਰਨ ਦੀ ਲੋੜ ਮਹਿਸੂਸ ਹੋਈ। ਇਸ ਤੋਂ ਬਾਅਦ ਭਾਜਪਾ ਨੇ ਕਾਂਗਰਸ ਅਤੇ ਹੋਰ ਪਾਰਟੀਆਂ ਦੇ ਪ੍ਰਭਾਵਸ਼ਾਲੀ ਚਿਹਰਿਆਂ ਨੂੰ ਆਪਣੇ ਨਾਲ ਜੋੜਨ ਦੀ ਮੁਹਿੰਮ ਸ਼ੁਰੂ ਕੀਤੀ। ਪਹਿਲਾਂ ਕੈਪਟਨ ਅਮਰਿੰਦਰ ਸਿੰਘ ਨੂੰ ਭਾਜਪਾ ਵਿੱਚ ਸ਼ਾਮਲ ਕੀਤਾ ਗਿਆ, ਫਿਰ ਸੁਨੀਲ ਜਾਖੜ ਨੂੰ ਪੰਜਾਬ ਦੀ ਕਮਾਨ ਦਿੱਤੀ ਗਈ ਅਤੇ ਹੁਣ ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਬਣਾਇਆ ਗਿਆ ਹੈ। ਇਹ ਸਾਰੇ ਫੈਸਲੇ ਇਸ ਗੱਲ ਵੱਲ ਇਸ਼ਾਰਾ ਕਰਦੇ ਹਨ ਕਿ ਭਾਜਪਾ ਪੰਜਾਬ ਵਿੱਚ "ਪੰਜਾਬੀ ਚਿਹਰਿਆਂ ਨਾਲ ਪੰਜਾਬ ਦੀ ਸਿਆਸਤ" ਕਰਨ ਦੀ ਨਵੀਂ ਰਣਨੀਤੀ 'ਤੇ ਕੰਮ ਕਰ ਰਹੀ ਹੈ। ਭਾਜਪਾ ਦੀ ਨਜ਼ਰ ਖਾਸ ਤੌਰ 'ਤੇ ਮਾਲਵਾ ਖੇਤਰ 'ਤੇ ਕੇਂਦਰਿਤ ਹੈ। ਪੰਜਾਬ ਦੀਆਂ ਸਭ ਤੋਂ ਵੱਧ ਵਿਧਾਨ ਸਭਾ ਸੀਟਾਂ ਮਾਲਵਾ ਵਿੱਚ ਹਨ ਅਤੇ ਸੂਬੇ ਦੀ ਸਿਆਸਤ ਦਾ ਰੁਖ਼ ਅਕਸਰ ਇਥੋਂ ਹੀ ਤੈਅ ਹੁੰਦਾ ਹੈ। ਬਰਨਾਲਾ, ਸੰਗਰੂਰ, ਮਾਨਸਾ, ਬਠਿੰਡਾ, ਫਰੀਦਕੋਟ ਅਤੇ ਮੁਕਤਸਰ ਵਰਗੇ ਖੇਤਰਾਂ ਵਿੱਚ ਜੱਟ ਸਿੱਖ ਵੋਟਰਾਂ ਦਾ ਡੂੰਘਾ ਪ੍ਰਭਾਵ ਹੈ। ਭਾਜਪਾ ਹੁਣ ਇਹ ਸੰਦੇਸ਼ ਦੇਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਉਹ ਸਿਰਫ਼ ਸ਼ਹਿਰਾਂ ਦੀ ਪਾਰਟੀ ਨਹੀਂ ਰਹੀ, ਸਗੋਂ ਪਿੰਡਾਂ ਅਤੇ ਕਿਸਾਨ ਭਾਈਚਾਰੇ ਵਿੱਚ ਵੀ ਆਪਣੀ ਪਹੁੰਚ ਵਧਾ ਰਹੀ ਹੈ।

ਇਸ ਨਿਯੁਕਤੀ ਨੂੰ ਪੰਜਾਬ ਕਾਂਗਰਸ ਦੀ ਅੰਦਰੂਨੀ ਸਥਿਤੀ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਕਾਂਗਰਸ ਲੰਬੇ ਸਮੇਂ ਤੋਂ ਧੜੇਬੰਦੀ ਅਤੇ ਲੀਡਰਸ਼ਿਪ ਸੰਕਟ ਦਾ ਸਾਹਮਣਾ ਕਰ ਰਹੀ ਹੈ। ਕਈ ਸੀਨੀਅਰ ਨੇਤਾ ਆਪਣੇ ਭਵਿੱਖ ਨੂੰ ਲੈ ਕੇ ਅਸਮੰਜਸ ਵਿੱਚ ਦਿਖਾਈ ਦਿੰਦੇ ਹਨ। ਅਜਿਹੇ ਮਾਹੌਲ ਵਿੱਚ ਭਾਜਪਾ ਆਪਣੇ ਆਪ ਨੂੰ ਇੱਕ ਨਵੇਂ ਰਾਜਨੀਤਿਕ ਵਿਕਲਪ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਰਾਹੀਂ ਭਾਜਪਾ ਇਹ ਸੰਦੇਸ਼ ਵੀ ਦੇਣਾ ਚਾਹੁੰਦੀ ਹੈ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਨੇਤਾਵਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਅਤੇ ਅਹਿਮ ਸਥਾਨ ਦਿੱਤੇ ਜਾ ਸਕਦੇ ਹਨ। ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਭਾਜਪਾ ਹੁਣ ਪੰਜਾਬ ਵਿੱਚ "ਸਿੱਖ ਲੀਡਰਸ਼ਿਪ ਮਾਡਲ" ਉੱਤੇ ਕੰਮ ਕਰ ਰਹੀ ਹੈ। ਪਾਰਟੀ ਨੂੰ ਇਹ ਅਹਿਸਾਸ ਹੈ ਕਿ ਪੰਜਾਬ ਵਿੱਚ ਸਿਰਫ਼ ਰਾਸ਼ਟਰੀ ਮੁੱਦਿਆਂ ਦੇ ਆਧਾਰ 'ਤੇ ਸਿਆਸੀ ਪਕੜ ਮਜ਼ਬੂਤ ਕਰਨਾ ਆਸਾਨ ਨਹੀਂ। ਇਸ ਲਈ ਭਾਜਪਾ ਹੁਣ ਪੰਜਾਬੀ ਅਤੇ ਸਿੱਖ ਚਿਹਰਿਆਂ ਨੂੰ ਅੱਗੇ ਲਿਆ ਕੇ ਆਪਣੀ ਨਵੀਂ ਪਛਾਣ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਹਾਲਾਂਕਿ ਭਾਜਪਾ ਅੱਗੇ ਚੁਣੌਤੀਆਂ ਵੀ ਘੱਟ ਨਹੀਂ ਹਨ। ਕਿਸਾਨ ਅੰਦੋਲਨ ਤੋਂ ਬਾਅਦ ਪਿੰਡਾਂ ਵਿੱਚ ਪਾਰਟੀ ਪ੍ਰਤੀ ਨਾਰਾਜ਼ਗੀ ਅਜੇ ਵੀ ਪੂਰੀ ਤਰ੍ਹਾਂ ਖਤਮ ਨਹੀਂ ਹੋਈ। ਇਸਦੇ ਨਾਲ ਹੀ ਆਮ ਆਦਮੀ ਪਾਰਟੀ, ਕਾਂਗਰਸ ਅਤੇ ਅਕਾਲੀ ਦਲ ਵਰਗੀਆਂ ਪਾਰਟੀਆਂ ਪਹਿਲਾਂ ਹੀ ਮਜ਼ਬੂਤ ਸਿਆਸੀ ਆਧਾਰ ਰੱਖਦੀਆਂ ਹਨ। ਅਜਿਹੇ ਹਾਲਾਤਾਂ ਵਿੱਚ ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਨੂੰ ਭਾਜਪਾ ਵੱਲੋਂ ਪੰਜਾਬ ਵਿੱਚ ਆਪਣੀ ਨਵੀਂ ਸਿਆਸੀ ਜਗ੍ਹਾ ਬਣਾਉਣ ਲਈ ਇੱਕ ਵੱਡੇ ਦਾਅ ਵਜੋਂ ਵੇਖਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਨਾਲ ਪੰਜਾਬ ਭਾਜਪਾ ਨੂੰ ਮਿਲੇਗੀ ਨਵੀਂ ਦਿਸ਼ਾ : ਪ੍ਰੋ. ਸਰਚਾਂਦ ਸਿੰਘ ਖਿਆਲਾ

## ☛ ਸੁਨੀਲ ਜਾਖੜ ਅਤੇ ਅਸ਼ਵਨੀ ਸ਼ਰਮਾ ਦੇ ਯੋਗਦਾਨ ਦੀ ਕੀਤੀ ਸ਼ਲਾਘਾ ☛ ਪੰਜਾਬ ਦੇ ਉੱਜਵਲ ਭਵਿੱਖ ਅਤੇ ਸੰਗਠਨ ਮਜ਼ਬੂਤੀ ਲਈ ਇਤਿਹਾਸਕ ਫ਼ੈਸਲਾ ਕਰਾਰ





**ਅੰਮ੍ਰਿਤਸਰ, 28 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਰਦਾਰ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਦਿਲੋਂ ਵਧਾਈ ਦਿੰਦਿਆਂ ਇਸ ਨੂੰ ਪੰਜਾਬ ਦੀ ਰਾਜਨੀਤੀ ਅਤੇ ਪਾਰਟੀ ਸੰਗਠਨ ਲਈ ਇੱਕ ਇਤਿਹਾਸਕ ਅਤੇ ਦੂਰਅੰਦੇਸ਼ੀ ਫ਼ੈਸਲਾ ਕਰਾਰ ਦਿੱਤਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸਰਦਾਰ ਕੇਵਲ ਸਿੰਘ ਢਿੱਲੋਂ ਇੱਕ ਤਜਰਬੇਕਾਰ, ਲੋਕਧਾਰਾ ਨਾਲ ਜੁੜੇ ਅਤੇ ਮਜ਼ਬੂਤ ਸੰਗਠਨ ਸਮਰੱਥਾ ਵਾਲੇ ਆਗੂ ਹਨ, ਜਿਨ੍ਹਾਂ ਦੀ ਅਗਵਾਈ ਹੇਠ ਪੰਜਾਬ ਭਾਜਪਾ ਨਾ ਸਿਰਫ਼ ਹੋਰ ਮਜ਼ਬੂਤ ਹੋਵੇਗੀ, ਸਗੋਂ ਸੂਬੇ ਦੀ ਰਾਜਨੀਤੀ ਵਿੱਚ ਇੱਕ ਨਵਾਂ ਇਤਿਹਾਸ ਵੀ ਸਿਰਜੇਗੀ। ਉਨ੍ਹਾਂ ਕਿਹਾ ਕਿ ਇਹ ਨਿਯੁਕਤੀ ਪੰਜਾਬ ਦੇ ਉੱਜਵਲ ਭਵਿੱਖ, ਲੋਕ-ਭਲਾਈ ਅਤੇ ਵਿਕਾਸਮੁਖੀ ਰਾਜਨੀਤੀ ਨੂੰ ਨਵੀਂ ਦਿਸ਼ਾ ਦੇਵੇਗੀ। ਇਸ ਮੌਕੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਅਤੇ ਕਾਰਜਕਾਰੀ ਪ੍ਰਧਾਨ ਸ੍ਰੀ ਅਸ਼ਵਨੀ ਸ਼ਰਮਾ ਵੱਲੋਂ ਪਾਰਟੀ ਨੂੰ ਪੰਜਾਬ ਵਿੱਚ ਇੱਕ ਪ੍ਰਭਾਵਸ਼ਾਲੀ ਅਤੇ ਮਜ਼ਬੂਤ ਰਾਜਨੀਤਿਕ ਤਾਕਤ ਵਜੋਂ ਸਥਾਪਿਤ ਕਰਨ ਲਈ ਕੀਤੇ ਗਏ ਅਣਥੱਕ ਯਤਨਾਂ ਅਤੇ ਸੰਗਠਨ ਮਿਹਨਤ ਦੀ ਵੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਦੋਵੇਂ ਆਗੂਆਂ ਨੇ ਮੁਸ਼ਕਲ ਸਿਆਸੀ ਹਾਲਾਤਾਂ ਵਿੱਚ ਵੀ ਪਾਰਟੀ ਵਰਕਰਾਂ ਦਾ ਮਨੋਬਲ ਉੱਚਾ ਰੱਖਦਿਆਂ ਭਾਜਪਾ ਦੇ ਆਧਾਰ ਨੂੰ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਤੱਕ ਮਜ਼ਬੂਤ ਕਰਨ ਲਈ ਵਿਸ਼ੇਸ਼ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਹਮੇਸ਼ਾ ਹੀ ਰਾਸ਼ਟਰ ਹਿਤ, ਲੋਕ-ਕਲਿਆਣ ਅਤੇ ਵਿਕਾਸ ਦੀ ਰਾਜਨੀਤੀ 'ਤੇ ਵਿਸ਼ਵਾਸ ਕਰਦੀ ਆਈ ਹੈ ਅਤੇ ਆਦਰਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਦੇਸ਼ ਨੇ ਵਿਸ਼ਵ ਪੱਧਰ 'ਤੇ ਨਵੀਂਆਂ ਉਪਲਬਧੀਆਂ ਹਾਸਲ ਕੀਤੀਆਂ ਹਨ। ਪੰਜਾਬ ਵਿੱਚ ਵੀ ਪਾਰਟੀ ਲੋਕਾਂ ਦੀਆਂ ਆਸਾਂ ਅਤੇ ਉਮੀਦਾਂ 'ਤੇ ਖਰਾ ਉਤਰਦਿਆਂ ਵਿਕਾਸ, ਨਿਵੇਸ਼, ਨੌਜਵਾਨਾਂ ਲਈ ਰੋਜ਼ਗਾਰ ਅਤੇ ਸਮਾਜਿਕ ਤੇ ਸਭਿਆਚਾਰਕ ਏਜੰਡੇ ਨੂੰ ਮਜ਼ਬੂਤੀ ਨਾਲ ਅੱਗੇ ਵਧਾਏਗੀ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਭਾਜਪਾ ਦੇ ਸਾਰੇ ਵਰਕਰਾਂ ਅਤੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਇੱਕਜੁੱਟ ਹੋ ਕੇ ਸਰਦਾਰ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਨੂੰ ਮਜ਼ਬੂਤ ਕਰਨ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੇ "ਸਭ ਦਾ ਸਾਥ, ਸਭ ਦਾ ਵਿਕਾਸ, ਸਭ ਦਾ ਵਿਸ਼ਵਾਸ" ਦੇ ਸੰਕਲਪ ਨੂੰ ਪੰਜਾਬ ਦੇ ਹਰ ਘਰ ਤੱਕ ਪਹੁੰਚਾਉਣ ਲਈ ਸਮਰਪਿਤ ਭਾਵਨਾ ਨਾਲ ਕੰਮ ਕਰਨ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਭਾਜਪਾ ਲੋਕਾਂ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਿਆਂ ਸੂਬੇ ਨੂੰ ਤਰੱਕੀ, ਖ਼ੁਸ਼ਹਾਲੀ ਅਤੇ ਵਿਕਾਸ ਦੀ ਨਵੀਂ ਰਾਹ 'ਤੇ ਲੈ ਕੇ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕੌਮੀ ਏਕਤਾ ਲਈ ਇਕੱਠੇ ਹੋਣ ਦੀ ਲੋੜ : ਬਾਬਾ ਸੁਖਵਿੰਦਰ ਸਿੰਘ ਅਗਵਾਨ



**ਚੰਡੀਗੜ੍ਹ, 28 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪੰਥਕ ਅਤੇ ਸਮਾਜਿਕ ਮਸਲਿਆਂ ਨੂੰ ਲੈ ਕੇ ਵਧ ਰਹੀਆਂ ਚਿੰਤਾਵਾਂ ਦਰਮਿਆਨ ਕਾਰ ਸੇਵਾ ਅਗਵਾਨਾ ਵਾਲਿਆਂ ਦੇ ਮੁੱਖ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ ਅਗਵਾਨ ਨੇ ਕੌਮੀ ਏਕਤਾ ਨੂੰ ਸਮੇਂ ਦੀ ਸਭ ਤੋਂ ਵੱਡੀ ਲੋੜ ਕਰਾਰ ਦਿੱਤਾ ਹੈ। ਉਹਨਾਂ ਕਿਹਾ ਕਿ ਅੱਜ ਹਰ ਧਰਮੀ ਸਿੱਖ ਇਹ ਮਹਿਸੂਸ ਕਰਦਾ ਹੈ ਕਿ ਕੌਮ ਦੇ ਕਈ ਅਹਿਮ ਮਸਲੇ ਸਿਰਫ਼ ਏਕੇ ਦੀ ਘਾਟ ਕਾਰਨ ਹੱਲ ਨਹੀਂ ਹੋ ਸਕੇ। ਉਹਨਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਕਈ ਪੰਥਕ ਮਸਲੇ ਅਜੇ ਵੀ ਲੰਬੇ ਸਮੇਂ ਤੋਂ ਅਟਕੇ ਹੋਏ ਹਨ। ਇਸਦਾ ਸਭ ਤੋਂ ਵੱਡਾ ਕਾਰਨ ਕੌਮ ਵਿੱਚ ਆਪਸੀ ਵੱਖਰੇਵੇ ਅਤੇ ਇਕਜੁੱਟਤਾ ਦੀ ਕਮੀ ਹੈ। ਉਹਨਾਂ ਕਿਹਾ ਕਿ ਜੇਕਰ ਕੌਮ ਇਕੱਠੀ ਹੋ ਕੇ ਸੰਘਰਸ਼ ਕਰੇ ਤਾਂ ਵੱਡੇ ਤੋਂ ਵੱਡਾ ਮਸਲਾ ਵੀ ਹੱਲ ਕੀਤਾ ਜਾ ਸਕਦਾ ਹੈ। ਬਾਬਾ ਸੁਖਵਿੰਦਰ ਸਿੰਘ ਅਗਵਾਨ ਨੇ ਕਿਹਾ ਕਿ ਕਿਸੇ ਵੀ ਵਿਅਕਤੀ ਬਾਰੇ ਰਾਇ ਬਣਾਉਣ ਜਾਂ ਜਨਤਕ ਬਿਆਨ ਦੇਣ ਤੋਂ ਪਹਿਲਾਂ ਉਸਨੂੰ ਪੂਰੀ ਤਰ੍ਹਾਂ ਜਾਣਨਾ ਬਹੁਤ ਜ਼ਰੂਰੀ ਹੈ। ਅਧੂਰੀ ਜਾਣਕਾਰੀ ਅਤੇ ਗਲਤਫ਼ਹਿਮੀਆਂ ਕਾਰਨ ਕਈ ਪੰਥਕ ਆਗੂਆਂ ਵਿੱਚ ਦੂਰੀਆਂ ਅਤੇ ਮਤਭੇਦ ਪੈਦਾ ਹੋਏ ਹਨ। ਉਹਨਾਂ ਕਿਹਾ ਕਿ ਹੁਣ ਸਮਾਂ ਆਪਸੀ ਮਨਮੁਟਾਵਾਂ ਨੂੰ ਖਤਮ ਕਰਕੇ ਕੌਮੀ ਏਕੇ ਨੂੰ ਮਜ਼ਬੂਤ ਕਰਨ ਦਾ ਹੈ। ਉਹਨਾਂ ਇਹ ਵੀ ਕਿਹਾ ਕਿ ਨੌਜਵਾਨ ਲੀਡਰਸ਼ਿਪ ਨੂੰ ਅੱਗੇ ਲਿਆਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਕੌਮ ਨੂੰ ਨਵੀਂ ਸੋਚ ਅਤੇ ਨਵੀਂ ਦਿਸ਼ਾ ਮਿਲ ਸਕੇ। ਇਸ ਸਬੰਧੀ ਬਾਪੂ ਤਰਸੇਮ ਸਿੰਘ ਜੀ ਨਾਲ ਸਮੇਂ-ਸਮੇਂ 'ਤੇ ਵਿਚਾਰ-ਵਟਾਂਦਰਾ ਹੁੰਦਾ ਰਹਿੰਦਾ ਹੈ। ਪਿਛਲੇ ਦਿਨਾਂ ਦੌਰਾਨ ਵੀ ਕੌਮੀ ਏਕਤਾ ਅਤੇ ਪੰਥਕ ਮਸਲਿਆਂ ਨੂੰ ਲੈ ਕੇ ਵਿਸਥਾਰ ਨਾਲ ਗੱਲਬਾਤ ਕੀਤੀ ਗਈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਲੰਮੇ ਸਮੇਂ ਤੋਂ ਭਰਾ ਨੂੰ ਭਰਾ ਨਾਲ ਲੜਾਉਣ ਵਾਲੀ ਰਾਜਨੀਤੀ ਚੱਲ ਰਹੀ ਹੈ, ਪਰ ਹੁਣ ਲੋਕ ਇਸ ਸਿਆਸਤ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ। ਪੰਜਾਬ ਅਤੇ ਕੌਮ ਦੀ ਭਲਾਈ ਲਈ ਹੁਣ ਇਕੱਠੇ ਹੋਣ ਦੀ ਲੋੜ ਹੈ। ਉਹਨਾਂ ਕਿਹਾ ਕਿ ਹਰ ਉਸ ਸਿੱਖ ਦਾ ਦਿਲੋਂ ਸਤਿਕਾਰ ਕੀਤਾ ਜਾਵੇਗਾ ਜੋ ਕੌਮੀ ਏਕਤਾ ਲਈ ਅੱਗੇ ਆਵੇਗਾ। ਬਾਬਾ ਸੁਖਵਿੰਦਰ ਸਿੰਘ ਅਗਵਾਨ ਨੇ ਅਪੀਲ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਪੰਜਾਬ ਦੀ ਚੜ੍ਹਦੀ ਕਲਾ ਲਈ ਨਿੱਜੀ ਹਿਤਾਂ ਤੋਂ ਉੱਪਰ ਉੱਠ ਕੇ ਏਕੇ ਦੀ ਲੜੀ ਨਾਲ ਜੁੜਨਾ ਸਮੇਂ ਦੀ ਵੱਡੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬ੍ਰੈਂਪਟਨ ਵਿੱਚ ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਪਟਨਾਇਕ ਦੇ ਕਾਫਲੇ ਅੱਗੇ

# ਖਾਲਿਸਤਾਨ ਸਮਰਥਕਾਂ ਦਾ ਪ੍ਰਦਰਸ਼ਨ



ਨਵੀਂ ਦਿੱਲੀ 28 ਮਈ (ਮਨਪ੍ਰੀਤ ਸਿੰਘ ਖਾਲਸਾ):- ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਪਟਨਾਇਕ ਦੇ ਕਾਫਲੇ ਨੂੰ ਬ੍ਰਮਪਟਨ ਵਿੱਚ ਖਾਲਿਸਤਾਨ ਰੈਫਰੈਂਡਮ ਸਮਰਥਕਾਂ ਵੱਲੋਂ ਰੋਕਣ ਅਤੇ ਭਾਰਤੀ ਤਿਰੰਗੇ ਦੀ ਬੇਹੁਰਮਤੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਘਟਨਾ ਉਸ ਵੇਲੇ ਵਾਪਰੀ ਜਦੋਂ ਭਾਰਤ ਦੇ ਵਪਾਰ ਮੰਤਰੀ ਪਿਯੂਸ਼ ਗੋਇਲ ਦੀ ਅਗਵਾਈ ਹੇਠ ਵਪਾਰਕ ਡੈਲੀਗੇਸ਼ਨ ਦੇ ਸਮਾਗਮ ਤੋਂ ਬਾਅਦ ਪਟਨਾਇਕ ਕਨਵੈਂਸ਼ਨ ਸੈਂਟਰ ਤੋਂ ਰਵਾਨਾ ਹੋ ਰਹੇ ਸਨ। ਦੱਸਿਆ ਜਾ ਰਿਹਾ ਹੈ ਕਿ ਐਸਐਫਜੇ ਅਤੇ ਖਾਲਿਸਤਾਨ ਰੈਫਰੈਂਡਮ ਨਾਲ ਜੁੜੇ ਕਾਰਕੁਨਾਂ ਨੇ ਪੁਲਿਸ ਘੇਰਾ ਤੋੜ ਕੇ ਕਾਫਲੇ ਦੇ ਨੇੜੇ ਪਹੁੰਚ ਕੇ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨਕਾਰੀਆਂ ਦੀ ਅਗਵਾਈ ਇੰਦਰਜੀਤ ਸਿੰਘ ਗੋਸਲ ਕਰ ਰਹੇ ਸਨ। ਇਸ ਦੌਰਾਨ ਭਾਰਤੀ ਤਿਰੰਗਾ ਫਾੜਿਆ ਗਿਆ ਅਤੇ "ਇੰਡੀਅਨ ਟੇਰ੍ਰੀਸਟਸ ਗੋ ਬੈਕ " ਵਰਗੇ ਨਾਅਰੇ ਲਗਾਏ ਗਏ। ਗੋਸਲ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੇ ਦਿਨੇਸ਼ ਪਟਨਾਇਕ ਦੇ ਸਾਹਮਣੇ ਤਿਰੰਗਾ ਫਾੜ ਕੇ ਕੈਨੇਡਾ ਦੀ ਸੰਪ੍ਰਭੂਤਾ ਨੂੰ ਚੁਣੌਤੀ ਦੇਣ ਦੇ ਮਾਮਲੇ 'ਤੇ ਵਿਰੋਧ ਦਰਜ ਕਰਵਾਇਆ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਦੀ ਜਾਨ ਨੂੰ ਖਤਰੇ ਦੇ ਚਲਦੇ ਉਨ੍ਹਾਂ ਨੂੰ ਆਰਸੀਐਮਪੀ ਵੱਲੋਂ ਸੁਰੱਖਿਆ ਪ੍ਰਦਾਨ ਕੀਤੀ ਗਈ ਹੈ ਕਿਉਕਿ ਮੇਰੇ ਕਤਲ ਲਈ ਪੰਜਾਹ ਹਜਾਰ ਕੈਨੇਡੀਅਨ ਡਾਲਰ ਦੀ ਫਿਰੋਤੀ ਤਹਿ ਕੀਤੀ ਗਈ ਹੈ। ਪ੍ਰਦਰਸ਼ਨ ਦੌਰਾਨ "ਹੂ ਕਿਲਡ ਸ਼ਹੀਦ ਨਿੱਜਰ ?" ਅਤੇ "ਇੰਡੀਅਨ ਇਨਵੋਏ ਦਿਨੇਸ਼ ਪਟਨਾਇਕ ਗੋ ਬੈਕ " ਵਰਗੇ ਨਾਅਰੇ ਵੀ ਲਗੇ। ਇਸ ਮਾਮਲੇ 'ਤੇ ਕੈਨੇਡੀਅਨ ਸਿੱਖਾਂ ਨੇ ਕਿਹਾ ਕਿ ਜੇ ਦਿਨੇਸ਼ ਪਟਨਾਇਕ ਨੂੰ ਆਰਸੀਐਮਪੀ ਅਤੇ ਸੀਐਸਆਈਐਸ 'ਤੇ ਭਰੋਸਾ ਨਹੀਂ ਤਾਂ ਉਹ ਸੁਰੱਖਿਆ ਦੇ ਘੇਰੇ ਤੋਂ ਬਾਹਰ ਆ ਕੇ ਕੈਨੇਡੀਅਨ ਲੋਕਾਂ ਦੇ ਸਵਾਲਾਂ ਦਾ ਸਾਹਮਣਾ ਕਰਨ। ਘਟਨਾ ਤੋਂ ਬਾਅਦ ਕੈਨੇਡਾ ਵਿੱਚ ਭਾਰਤ-ਕੈਨੇਡਾ ਸੰਬੰਧਾਂ ਅਤੇ ਖਾਲਿਸਤਾਨ ਹਮਾਇਤੀ ਗਤੀਵਿਧੀਆਂ ਨੂੰ ਲੈ ਕੇ ਚਰਚਾ ਹੋਰ ਤੇਜ਼ ਹੋ ਗਈ ਹੈ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ 30 ਮਈ ਨੂੰ ਭਾਰਤੀ ਅੰਬੈਸੀ ਵੈਨਕੂਵਰ ਵਿਖ਼ੇ ਆਰਸੀਐਮਪੀ, ਸੀਐਸਆਈਐਸ ਦੇ ਨਾਲ ਕੈਨੇਡੀਅਨ ਮੀਡੀਆ ਦੇ ਹਕ. ਵਿਚ ਅਤੇ 31 ਮਈ ਨੂੰ ਨਵੰਬਰ 1984 ਵਿਚ ਫਿਲਮਕਾਰ ਅਮਿਤਾਭ ਬੱਚਨ ਵਲੋਂ ਸਿੱਖ ਕਤਲੇਆਮ ਨੂੰ ਭੜਕਾਉਂਣ ਲਈ ਖ਼ੂਨ ਕਾ ਬਦਲਾ ਖ਼ੂਨ ਦੇ ਲਗਾਏ ਗਏ ਨਾਹਰਿਆ ਨੂੰ ਕਾਨੂੰਨੀ ਕੱਠਘਰੇ ਹੇਠ ਲਿਆਉਣ ਲਈ ਟੋਰਾਂਟੋ ਵਿਖ਼ੇ ਭਾਰੀ ਰੋਸ ਪ੍ਰਦਰਸ਼ਨ ਹੋਣਗੇ।

**30 ਮਈ ਨੂੰ ਵੈਨਕੂਵਰ ਅਤੇ 31 ਮਈ ਨੂੰ ਟੋਰਾਂਟੋ ਵਿਖ਼ੇ ਹੋਣਗੇ ਭਾਰੀ ਰੋਸ ਪ੍ਰਦਰਸ਼ਨ: ਭਾਈ ਰੰਧਾਵਾ**

# ਨਹਿੰਗ ਜਥੇਬੰਦੀ ਅਰਬਾਂ ਖਰਬਾਂ ਬਲਾਕ ਸੇਰਪੁਰ ਦੀ ਮੀਟਿੰਗ ਹੋਈ



ਧੂਰੀ ( ਰਣਜੀਤ ਸਿੰਘ ਪੇਧਨੀ ) ਦਲ ਪੰਥ ਅਰਬਾਂ ਖਰਬਾਂ ਜਥੇਦਾਰ ਬਾਬਾ ਚੜਤ ਸਿੰਘ ਜੀ ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਦਲ ਪੰਥ ਬੁੱਢਾ ਦਲ 96 ਕਰੋੜ ਜਥੇਦਾਰ ਬਾਬਾ ਵੀਰ ਸਿੰਘ ਦੀ ਅਗਵਾਈ ਦੇ ਹੇਠ ਨਹਗ ਇ ਜਥੇਬੰਦੀ ਦੀ ਮੀਟਿੰਗ ਹੋਈ ਜਿਸ ਵਿੱਚ ਜਥੇਬੰਦੀ ਨੂੰ ਮਜ਼ਬੂਤ ਬਣਾਉਣ ਲਈ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਨੂੰ ਵੱਖ-ਵੱਖ ਜਥੇਦਾਰਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਮੀਰ ਗਰੀਬ ਨੂੰ ਪੰਥ ਦੀ ਮਦਦ ਦੀ ਲੋੜ ਹੋਵੇ, ਸਹਿਯੋਗ ਦੇਣ ਦੀ ਗੱਲ ਹੋਵੇ ਸਾਡੀ ਜਥੇਬੰਦੀ ਮੂਹਰੇ ਹੋ ਕੇ ਲੋੜਬੰਦ ਲੋਕਾਂ ਦੀ ਸਹਾਇਤਾ ਕਰਨ ਨੂੰ ਤਿਆਰ ਹੈ। ਆਗੂਆਂ ਨੇ ਕਿਹਾ ਕਿ ਗੁਰੂ ਘਰਾਂ ਵਿਦੇਸ਼ਾਂ ਦੀ ਧਰਤੀ ਵਿੱਚ ਵਸਦੇ ਸੇਵਾ ਕਰਨ ਵਾਲੇ ਸੇਵਾਦਾਰ ਦਲ ਪੰਥ ਦੀਆਂ ਛਾਉਣੀਆਂ ਬਣਾਉਣ ਵੱਧ ਤੋਂ ਵੱਧ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਡੇਰਿਆ ਨੂੰ ਰਸਤਾਂ ਵਸਤਾ ਦੇਣੀਆ ਬੰਦ ਕਰੋ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਗੁਰੂ ਘਰਾਂ ਦੀ ਸੇਵਾਵਾਂ ਵਿੱਚ ਆਪਣਾ ਯੋਗਦਾਨ ਪਾਉ। ਇਸ ਮੌਕੇ ਜਥੇਦਾਰ ਅਮਰੀਕ ਸਿੰਘ ਕਾਤਰੋਂ, ਜਥੇਦਾਰ ਜੁਗਰਾਜ ਸਿੰਘ , ਜਥੇਦਾਰ ਅਮਰਜੀਤ ਸਿੰਘ ਕਾਲਾਬੂਲਾ, ਜਥੇਦਾਰ ਜਗਤਾਰ ਸਿੰਘ ਸ਼ੇਰਪੁਰ , ਜਥੇਦਾਰ ਜੰਟਾ ਸਿੰਘ ਹਾਜਰ ਸਨ।

### ਦਮਦਮੀ ਟਕਸਾਲ ਵਿਖੇ ਮਨਾਏ ਜਾ ਰਹੇ 42ਵੇਂ ਘੱਲੂਘਾਰਾ ਦਿਵਸ ਪ੍ਰਤੀ

# ਸੰਗਤਾਂ 'ਚ ਭਾਰੀ ਉਤਸ਼ਾਹ : ਡਾਇਰੈਕਟਰ ਤੇਜਬੀਰ ਸਿੰਘ ਸੋਹਲ

ਚੌਕ ਮਹਿਤਾ, 28ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਦਮਦਮੀ ਟਕਸਾਲ ਵੱਲੋਂ ਜੂਨ '84 ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਮਨਾਈ ਜਾ ਰਹੀ 42ਵੀਂ ਸ਼ਹੀਦੀ ਵਰ੍ਹੇਗੰਢ ਸਬੰਧੀ ਅੱਜ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸੰਤ ਗਿ. ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਪ੍ਰਧਾਨਗੀ ਹੇਠ ਹੋਈ ਵਿਸ਼ੇਸ਼ ਇਕੱਤਰਤਾ 'ਚ ਸ਼ਾਮਿਲ ਹੋਣ ਤੋਂ ਬਾਅਦ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਦੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ ਨੇ ਕਿਹਾ ਕਿ ਦਮਦਮੀ ਟਕਸਾਲ ਵਿਖੇ 1 ਤੋਂ 6 ਜੂਨ ਤੱਕ ਹੋ ਰਹੇ ਸ਼ਹੀਦੀ ਸਮਾਗਮਾਂ ਨੂੰ ਲੈ ਕੇ ਦੇਸ਼-ਵਿਦੇਸ਼ ਦੀਆਂ ਸੰਗਤਾਂ 'ਚ ਭਾਰੀ ਉਤਸ਼ਾਹ ਹੈ ਤੇ ਇਨ੍ਹਾਂ ਸਮਾਗਮਾਂ 'ਚ ਹਾਜ਼ਰੀ ਭਰਨ ਲਈ ਲੱਖਾਂ ਦੀ ਗਿਣਤੀ 'ਚ ਸੰਗਤਾਂ ਮਹਿਤਾ ਵਿਖੇ ਪਹੁੰਚ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਮੁਖੀ ਵੱਲੋਂ ਜਿੱਥੇ ਬਾਣੀ ਤੇ ਬਾਣੇ ਦੇ ਪ੍ਰਸਾਰ ਲਈ ਵੱਡੀਆਂ ਪੰਥਕ ਸੇਵਾਵਾਂ ਨਿਭਾਈਆਂ ਜਾਣਾ ਬੇਹੱਦ ਸ਼ਲਾਘਾਯੋਗ ਹੈ, ਉੱਥੇ ਹੀ ਉਨਾਂ ਵੱਲੋਂ ਤੀਸਰੇ ਘੱਲੂਘਾਰੇ ਦੀ ਯਾਦ ਨੂੰ ਹਰ ਸਾਲ ਵਿਸ਼ਾਲ ਪੱਧਰ 'ਤੇ ਮਨਾਇਆ ਜਾਣਾ ਸਿੱਖ ਪੰਥ ਲਈ ਬਹੁਤ ਵੱਡਾ ਉਪਰਾਲਾ ਹੈ। ਉਨ੍ਹਾਂ ਦੀ ਯੋਗ ਅਗਵਾਈ ਹੇਠ ਇਸ ਸਾਲ ਵੀ ਤੀਸਰੇ ਘੱਲੂਘਾਰੇ ਦੀ 42ਵੀਂ ਵਰ੍ਹੇਗੰਢ ਦਮਦਮੀ ਟਕਸਾਲ ਵਿਖੇ ਪੂਰੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਈ ਜਾਵੇਗੀ, ਜਿਸ ਦੌਰਾਨ ਸ਼ਹੀਦੀ ਜੋੜ ਮੇਲੇ ਦੇ ਰੂਪ 'ਚ ਹੋਣ ਵਾਲੇ ਵੱਡੇ ਪੰਥਕ ਇਕੱਠ ਅੰਦਰ ਸੰਗਤਾਂ ਵੱਧ-ਚੜ੍ਹ ਕੇ ਹਾਜ਼ਰੀ ਭਰਨਗੀਆਂ ਤੇ ਆਪਣੇ ਸ਼ਹੀਦਾਂ ਨੂੰ ਸਨਮਾਨ ਸਹਿਤ ਸ਼ਰਧਾਂਜਲੀ ਅਰਪਿਤ ਕਰਦੇ ਹੋਏ ਕੌਮ ਦੀ ਚੜ੍ਹਦੀ ਕਲਾ ਲਈ ਅਰਦਾਸ-ਬੇਨਤੀ 'ਚ ਸ਼ਾਮਿਲ ਹੋਣਗੀਆਂ।



# ਗੁਰਮਤਿ ਸੰਗੀਤ ਦੇ ਪ੍ਰਚਾਰ ਲਈ ਨਵਪ੍ਰੀਤ ਕੌਰ ਦੇ ਉਪਰਾਲੇ ਕਾਬਿਲ-ਏ-ਤਾਰੀਫ਼ : ਬੀਬੀ ਰਣਜੀਤ ਕੌਰ



**ਨਵੀਂ ਦਿੱਲੀ, 28 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਮੈਂਬਰ ਬੀਬੀ ਰਣਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਦਫ਼ਤਰ ਵਿੱਚ ਅਮਰੀਕਾ ਤੋਂ ਪਹੁੰਚੀ ਨਵਪ੍ਰੀਤ ਕੌਰ ਨਾਲ ਵਿਸ਼ੇਸ਼ ਮੁਲਾਕਾਤ ਹੋਈ। ਬੀਬੀ ਰਣਜੀਤ ਕੌਰ ਨੇ ਦੱਸਿਆ ਕਿ ਨਵਪ੍ਰੀਤ ਕੌਰ "ਗਾਵਣੀ" ਸੰਸਥਾ ਨਾਲ ਜੁੜੀਆਂ ਹੋਈਆਂ ਹਨ। ਇਹ ਸੰਸਥਾ ਬੀਬੀਆਂ ਵੱਲੋਂ ਗੁਰੂ ਸਾਹਿਬਾਨ ਦੀ ਅਨਮੋਲ ਗੁਰਬਾਣੀ ਨੂੰ 31 ਰਾਗਾਂ ਵਿੱਚ ਕੀਰਤਨ ਰੂਪ ਵਿੱਚ ਪ੍ਰਚਾਰਿਤ ਅਤੇ ਪ੍ਰਸਾਰਿਤ ਕਰਨ ਲਈ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਿੱਖ ਸੱਭਿਆਚਾਰ, ਗੁਰਮਤਿ ਸੰਗੀਤ ਅਤੇ ਰਾਗੀ ਪਰੰਪਰਾ ਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਇਸ ਮੌਕੇ ਬੀਬੀ ਰਣਜੀਤ ਕੌਰ ਵੱਲੋਂ ਨਵਪ੍ਰੀਤ ਕੌਰ ਨੂੰ "ਜੀ ਆਇਆਂ ਨੂੰ" ਆਖਦਿਆਂ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਦਿੱਲੀ ਆਉਣ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਗੁਰਬਾਣੀ ਕੀਰਤਨ ਦੀ ਪਰੰਪਰਾ ਨੂੰ ਅੱਗੇ ਵਧਾਉਣ ਵਾਲੇ ਸੇਵਾਦਾਰ ਸਿੱਖ ਕੌਮ ਦਾ ਮਾਣ ਹਨ ਅਤੇ ਉਨ੍ਹਾਂ ਦੀ ਸੇਵਾ ਹਮੇਸ਼ਾਂ ਪ੍ਰੇਰਣਾਦਾਇਕ ਰਹੇਗੀ। ਉਨ੍ਹਾਂ ਇਹ ਵੀ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾਂ ਗੁਰਮਤਿ ਸੰਗੀਤ, ਧਾਰਮਿਕ ਵਿਦਿਆ ਅਤੇ ਸਿੱਖ ਵਿਰਾਸਤ ਨੂੰ ਪ੍ਰਫੁੱਲਤ ਕਰਨ ਵਾਲੀਆਂ ਸੰਸਥਾਵਾਂ ਅਤੇ ਵਿਅਕਤੀਆਂ ਦਾ ਸਤਿਕਾਰ ਕਰਦੀ ਰਹੇਗੀ।

## ਪੈਟਰੋਲ , ਡੀਜ਼ਲ ਦੀਆਂ ਨਿੱਤ ਵਧ ਰਹੀਆਂ ਕੀਮਤਾਂ ਨੂੰ ਠੱਲ ਪਾਉਣ ਸਰਕਾਰਾਂ ਰਣਜੀਤ ਸਿੰਘ ਰੰਧਾਵਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਅੰਦਰ ਲਗਾਤਾਰ ਚੌਥੀ ਵਾਰ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ 'ਚ ਹੋਏ ਵਾਧੇ ਨੇ ਆਮ ਆਦਮੀ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ। ਹਰ ਰੋਜ਼ ਵਧ ਰਹੇ ਤੇਲ ਦੇ ਭਾਅ ਵਧਣ ਕਾਰਨ ਕਿਸਾਨ, ਮਜ਼ਦੂਰ, ਦੁਕਾਨਦਾਰ ਤੇ ਨੌਕਰੀਪੇਸ਼ਾ ਵਰਗ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਡੀਜ਼ਲ-ਪੈਟਰੋਲ ਦੀਆਂ ਕੀਮਤਾਂ 'ਚ ਲਗਾਤਾਰ ਵਾਧਾ ਸਿੱਧੇ ਤੌਰ 'ਤੇ ਮਹਿੰਗਾਈ ਨੂੰ ਸੱਦਾ ਦੇ ਰਿਹਾ ਹੈ। ਟਰਾਂਸਪੋਰਟ ਮਹਿੰਗੀ ਹੋਣ ਨਾਲ ਸਬਜ਼ੀ, ਦਾਲਾਂ, ਆਟਾ ਤੋਂ ਲੈ ਕੇ ਹਰ ਘਰੇਲੂ ਵਸਤੂ ਦੇ ਭਾਅ ਅਸਮਾਨ ਛੂਹ ਰਹੇ ਹਨ। ਗਰੀਬ ਬੰਦੇ ਲਈ ਦੋ ਵਕਤ ਦੀ ਰੋਟੀ ਦਾ ਜੁਗਾੜ ਕਰਨਾ ਅੱਖਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਲੋਕਾਂ ਦੀ ਆਵਾਜ਼ ਬਣ ਕੇ ਕੇਂਦਰ ਸਰਕਾਰ ਨਾਲ ਗੱਲਬਾਤ ਕਰੇ। ਤੇਲ ਕੰਪਨੀਆਂ ਦੀ ਮਨਮਾਨੀ ਨੂੰ ਠੱਲ ਪਾਉਣ ਲਈ ਸਰਕਾਰ ਨੂੰ ਸਖ਼ਤ ਕਦਮ ਚੁੱਕਣੇ ਪੈਣਗੇ। ਜੇ ਸਰਕਾਰ ਚੁੱਪ ਬੈਠੀ ਰਹੀ ਤਾਂ ਸਮਝੋ ਉਹ ਲੋਕ ਵਿਰੋਧੀ ਨੀਤੀਆਂ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਬਿਜਾਈ ਦਾ ਸੀਜ਼ਨ ਸਿਰ 'ਤੇ ਹੈ। ਡੀਜ਼ਲ ਮਹਿੰਗਾ ਹੋਣ ਨਾਲ ਟਰੈਕਟਰ ਚਲਾਉਣਾ, ਖੇਤ ਨੂੰ ਪਾਣੀ ਲਾਉਣਾ ਸਭ ਕੁਝ ਮਹਿੰਗਾ ਪੈ ਰਿਹਾ ਹੈ। ਕਿਸਾਨ ਪਹਿਲਾਂ ਹੀ ਕਰਜ਼ੇ 'ਚ ਡੁੱਬਿਆ ਪਿਆ ਹੈ, ਉੱਤੋਂ ਤੇਲ ਦੀ ਮਾਰ ਉਸ ਨੂੰ ਖ਼ੁਦਕੁਸ਼ੀ ਵੱਲ ਧੱਕ ਰਹੀ ਹੈ।

## ਢਿੱਲੋਂ ਦੀ ਅਗਵਾਈ ਹੇਠ ਬੀਜੇਪੀ ਹੋਰ ਮਜ਼ਬੂਤ ਹੋਵੇਗੀ: ਨੀਲੂ ਮਿੱਤਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੇ ਪੰਜਾਬ ਦੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਜਿੱਤਣ ਦੇ ਲਈ ਭਾਜਪਾ ਦੇ ਸੀਨੀਅਰ ਆਗੂ ਸ ਕੇਵਲ ਸਿੰਘ ਢਿੱਲੋ ਨੂੰ ਭਾਰਤੀ ਜਨਤਾ ਪਾਰਟੀ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਸ ਕੇਵਲ ਸਿੰਘ ਢਿੱਲੋਂ ਦੇ ਪੰਜਾਬ ਪ੍ਰਧਾਨ ਬਣਨ ਦੇ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਹੋਰ ਮਜਬੂਤ ਹੋ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਢਿੱਲੋਂ ਦੀ ਅਗਵਾਈ ਦੇ ਹੇਠ ਸਰਕਾਰ ਬਣਾਏਗੀ ਕਿਉਕਿ ਢਿੱਲੋਂ ਪਰਿਵਾਰ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੇ ਲੋਕਾਂ ਦੀ ਸੇਵਾ ਕਰਦਾ ਆ ਰਿਹਾ ਹੈ।

### ਸ਼ਹੀਦੀ ਸਮਾਗਮਾਂ 'ਚ ਸ਼ਮੂਲੀਅਤ ਲਈ ਸੰਗਤਾਂ ਦੇ

# ਵੱਡੇ ਜਥੇ ਮਹਿਤਾ ਪੁੱਜਣਗੇ: ਔਜਲਾ, ਰੰਧਾਵਾ, ਚੇਅਰਮੈਨ ਉਸਮਾ, ਸਰਾਂ






**ਚੌਕ ਮਹਿਤਾ, 28 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਾਣਾ ਮੰਡੀ ਮਹਿਤਾ ਤੋਂ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਹਰੀਵਾਲ, ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਐਸੀ ਵਿੰਗ ਸੈਲ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ,ਤੇ ਆੜ੍ਹਤੀ ਐਸੋਸੀਏਸ਼ਨ ਸਟੇਟ ਬਾਡੀ ਦੇ ਮੀਤ ਪ੍ਰਧਾਨ ਗੁਰਮੁੱਖ ਸਿੰਘ ਸਾਬਾ ਰੰਧਾਵਾ ਨੇ ਕਿਹਾ ਕਿ ਦਮਦਮੀ ਟਕਸਾਲ ਹੈੱਡ ਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਨਾਏ ਜਾ ਰਹੇ ਸ਼ਹੀਦੀ ਸਮਾਗਮਾਂ ਨੂੰ ਲੈ ਕੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਅਤੇ ਚੜ੍ਹਦੀ ਕਲਾ ਦਾ ਮਾਹੌਲ ਪਾਇਆ ਜਾ ਰਿਹਾ ਹੈ। ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਇਲਾਵਾ ਹਰਿਆਣਾ, ਰਾਜਸਥਾਨ, ਦਿੱਲੀ ਤੇ ਵਿਦੇਸ਼ਾਂ ਵਿਚ ਵੱਸਦੀਆਂ ਸੰਗਤਾਂ ਵੱਲੋਂ ਵੱਡੀ ਗਿਣਤੀ 'ਚ ਮਹਿਤਾ ਨਗਰ ਪੁੱਜ ਕੇ ਸ਼ਹੀਦੀ ਸਮਾਗਮਾਂ ਵਿਚ ਹਾਜ਼ਰੀ ਭਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਇਨ੍ਹਾਂ ਸ਼ਹੀਦੀ ਸਮਾਗਮਾਂ ਦੇ ਕਾਰਨ ਸ਼ਹੀਦੀ ਹਫਤੇ ਦੌਰਾਨ 1 ਤੋਂ 5 ਜੂਨ ਤੱਕ ਹਰ ਰੋਜ਼ ਸ਼ਾਮ ਨੂੰ ਗੁਰਮਤਿ ਦੀਵਾਨ ਸੱਜਣਗੇ, ਉਪਰੰਤ 6 ਜੂਨ ਨੂੰ ਮੁੱਖ ਤੇ ਮਹਾਨ ਸਮਾਗਮ ਹੋਵੇਗਾ।ਇਸ ਦੌਰਾਨ ਪੰਥ ਪ੍ਰਸਿੱਧ ਰਾਗੀ ਤੇ ਢਾਡੀ ਜਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ, ਢਾਡੀ ਵਾਰਾਂ ਅਤੇ ਗੁਰਇਤਿਹਾਸ ਨਾਲ ਜੋੜਨਗੇ। ਇਸ ਤੋਂ ਇਲਾਵਾ ਪੰਥਕ ਵਿਦਵਾਨਾਂ ਵੱਲੋਂ ਸਿੱਖ ਇਤਿਹਾਸ, ਸ਼ਹੀਦੀ ਪਰੰਪਰਾ ਤੇ ਮੌਜੂਦਾ ਸਮੇਂ 'ਚ ਪੰਥਕ ਏਕਤਾ ਦੀ ਲੋੜ ਸਬੰਧੀ ਵੀ ਵਿਚਾਰਾਂ ਕੀਤੀਆਂ ਜਾਣਗੀਆਂ।

### ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਦੀ ਭਾਈਵਾਲੀ ਨਾਲ

# ਅਰੋੜਾ ਮਹਾਂ ਸਭਾ ਦੇ ਸਹਿਯੋਗ ਨਾਲ ਲਾਇਆ ਮੁਫਤ ਜਾਂਚ ਕੈਂਪ




**ਫ਼ਿਰੋਜ਼ਪੁਰ, 28 ਮਈ (ਮਨੋਹਰ ਲਾਲ) :—** ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਦੀ ਭਾਈਵਾਲੀ ਨਾਲ ਅਰੋੜਾ ਮਹਾ ਸਭਾ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਇੱਕ ਮੁਫ਼ਤ ਹੱਡੀਆਂ ਦੇ ਖਣਿਜ ਘਣਤਾ (ਬੀ.ਐਮ.ਡੀ) ਅਤੇ ਯੂਰਿਕ ਐਸਿਡ ਟੈਸਟ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ। ਇਹ ਕੈਂਪ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿਚ ਵੱਡੀ ਗਿਣਤੀ ਇਲਾਕਾ ਨਿਵਾਸੀਆਂ ਨੇ ਸ਼ਿਰਕਤ ਕੀਤੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਕੈਂਪ ਸ਼੍ਰੀ ਅਰੂਟ ਮਹਾਰਾਜ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਕਰਵਾਇਆ ਗਿਆ ਅਤੇ ਇਸ ਦਾ ਉਦੇਸ਼ ਓਸਟੀਓਪੋਰੋਸਿਸ, ਗਠੀਆ ਅਤੇ ਗਠੀਆ ਨਾਲ ਸਬੰਧਤ ਸਥਿਤੀਆਂ ਦਾ ਜਲਦੀ ਪਤਾ ਲਗਾ ਕੇ ਰੋਕਥਾਮ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨਾ ਸੀ।ਬੀ.ਐਮ.ਡੀ ਟੈਸਟਿੰਗ ਨੇ ਹੱਡੀਆਂ ਦੀ ਤਾਕਤ ਅਤੇ ਫ੍ਰੈਕਚਰ ਦੇ ਜੋਖਮ ਦਾ ਮੁਲਾਂਕਣ ਕਰਨ ਵਿੱਚ ਮਦਦ ਕੀਤੀ, ਜਦੋਂ ਕਿ ਗਠੀਆ ਤੇ ਗੁਰਦੇ ਦੀਆਂ ਸਮੱਸਿਆਵਾਂ ਵਰਗੀਆਂ ਸਥਿਤੀਆਂ ਦੀ ਪਛਾਣ ਕਰਨ ਲਈ ਯੂਰਿਕ ਐਸਿਡ ਟੈਸਟਿੰਗ ਕੀਤੀ ਗਈ। ਫ਼ਿਰੋਜ਼ਪੁਰ ਅਤੇ ਨੇੜਲੇ ਇਲਾਕਿਆਂ ਦੇ ਵਸਨੀਕਾਂ ਨੇ ਮੁਫ਼ਤ ਜਾਂਚ ਅਤੇ ਸਲਾਹ ਮਸ਼ਵਰੇ ਦਾ ਲਾਭ ਉਠਾਇਆ।ਇਸ ਦੌਰਾਨ ਹੱਡੀਆਂ ਅਤੇ ਜੋੜਾਂ ਦੀ ਬਿਹਤਰ ਸਿਹਤ ਵੱਲ ਪਹਿਲੇ ਕਦਮ ਵਜੋਂ ਸ਼ੁਰੂਆਤੀ ਪਛਾਣ ਤੇ ਜ਼ੋਰ ਦਿੱਤਾ ਗਿਆ। ਗੱਲਬਾਤ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਕਮਿਊਨਿਟੀ ਸਿਹਤ ਕੈਂਪ ਲੋਕਾਂ ਦੇ ਦਰਵਾਜ਼ੇ ਤੱਕ ਸਿੱਧੇ ਤੌਰ ਤੇ ਰੋਕਥਾਮ ਦੇਖਭਾਲ ਪਹੁੰਚਾਉਣ ਦੇ ਸਾਡੇ ਮਿਸ਼ਨ ਨੂੰ ਦਰਸਾਉਂਦੇ ਹਨ। ਇਸ ਮੌਕੇ ਤੇ ਅਰੋੜਾ ਮਹਾਸਭਾ ਨਾਲ ਭਾਈਵਾਲੀ ਕਰਨ ਨਾਲ ਸਾਨੂੰ ਹੱਡੀਆਂ ਅਤੇ ਜੋੜਾਂ ਦੀ ਸਿਹਤ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਮਦਦ ਮਿਲੀ, ਜਿਸ ਨੂੰ ਅਕਸਰ ਉਦੋਂ ਤੱਕ ਨਜ਼ਰ ਅੰਦਾਜ਼ ਕੀਤਾ ਜਾਂਦਾ ਹੈ ਜਦੋਂ ਤੱਕ ਇਹ ਨਾਜ਼ੁਕ ਨਹੀਂ ਹੋ ਜਾਂਦਾ।

ਗੱਲਬਾਤ ਕਰਦਿਆਂ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਕਮਿਊਨਿਟੀ ਸਿਹਤ ਪਹਿਲ ਕਦਮੀਆਂ ਲਈ ਵਚਨਬੱਧ ਹੈ ਜੋ ਗੁਣਵੱਤਾ ਵਾਲੀਆਂ ਡਾਇਗਨੌਸਟਿਕ ਸੇਵਾਵਾਂ ਨੂੰ ਸਾਰਿਆਂ ਲਈ ਪਹੁੰਚਯੋਗ ਅਤੇ ਕਿਫਾਇਤੀ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਅਮਨਦੀਪ ਗਰੁੱਪ ਛੇ ਰਣਨੀਤਕ ਸਥਾਨਾਂ ਤੇ 750 ਤੋਂ ਵੱਧ ਬਿਸਤਰਿਆਂ ਅਤੇ 170 ਤੋਂ ਵੱਧ ਮਾਹਰ ਡਾਕਟਰਾਂ ਦੇ ਨਾਲ ਇੱਕ ਪ੍ਰਮੁੱਖ ਸਿਹਤ ਸੰਭਾਲ ਨੈਟਵਰਕ ਵਿੱਚ ਵਧਿਆ ਹੈ।

# ਪੰਜਾਬ ਦੇ ਸਿੱਖ ਨੌਜਵਾਨ ਵਿਦਿਆਰਥੀ ਦੀ ਜਪਾਨ ਦੇ ਏਸ਼ੀਆ ਕਾਕੇਹਾਸ਼ੀ ਪ੍ਰੋਗਰਾਮ ਲਈ ਹੋਈ ਚੋਣ

**ਫ਼ਿਰੋਜ਼ਪੁਰ, 28 ਮਈ (ਮਨੋਹਰ ਲਾਲ) :—** ਵਿਵੇਕਾਨੰਦ ਵਰਲਡ ਸਕੂਲ ਦੇ ਗ੍ਰੇਡ 12 ਦੇ ਵਿਦਿਆਰਥੀ ਤਰਿੰਦਰਪਾਲ ਸਿੰਘ ਦੀ ਚੋਣ ਜਪਾਨ ਵਿੱਚ ਹੋਣ ਵਾਲੇ ਪ੍ਰਸਿੱਧ ਏਸ਼ੀਆ ਕਾਕੇਹਾਸ਼ੀ ਪ੍ਰੋਗਰਾਮ 2026 ਲਈ ਹੋਈ ਹੈ। ਇਹ ਪ੍ਰੋਗਰਾਮ ਏ.ਐਫ.ਐਸ ਇੰਡੀਆ ਵੱਲੋਂ ਜਪਾਨ ਦੇ ਸਹਿਯੋਗ ਨਾਲ ਕਰਵਾਇਆ ਜਾਂਦਾ ਹੈ। ਇਹ ਚਾਰ ਮਹੀਨੇ ਦਾ ਅੰਤਰਰਾਸ਼ਟਰੀ ਐਕਸਚੇਂਜ ਪ੍ਰੋਗਰਾਮ 19 ਅਗਸਤ ਤੋਂ 15 ਦਸੰਬਰ 2026 ਤੱਕ ਜਪਾਨ ਵਿੱਚ ਹੋਵੇਗਾ।ਇਸ ਦੌਰਾਨ ਤਰਿੰਦਰਪਾਲ ਸਿੰਘ ਜਪਾਨੀ ਹੋਸਟ ਪਰਿਵਾਰ ਨਾਲ ਰਹਿੰਦੇ ਹੋਏ ਉਥੋਂ ਦੇ ਸਕੂਲ ਵਿੱਚ ਪੜ੍ਹਾਈ




ਕਰਨਗੇ ਅਤੇ ਜਪਾਨ ਦੀ ਸਿੱਖਿਆ ਪ੍ਰਣਾਲੀ, ਸੱਭਿਆਚਾਰ ਅਤੇ ਜੀਵਨ ਸ਼ੈਲੀ ਦਾ ਅਨੁਭਵ ਪ੍ਰਾਪਤ ਕਰਨਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਦੇਸ਼ ਭਰ ਤੋਂ 7500 ਤੋਂ ਵੱਧ ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਲਈ ਅਰਜ਼ੀਆਂ ਦਿੱਤੀਆਂ ਸਨ, ਜਿਨ੍ਹਾਂ ਵਿੱਚੋਂ ਕੇਵਲ 8 ਵਿਦਿਆਰਥੀਆਂ ਦੀ ਚੋਣ ਕੀਤੀ ਗਈ। ਖਾਸ ਗੱਲ ਇਹ ਹੈ ਕਿ ਪੰਜਾਬ ਤੋਂ ਚੁਣੇ ਜਾਣ ਵਾਲੇ ਤਰਿੰਦਰਪਾਲ ਸਿੰਘ ਇਕੱਲੇ ਵਿਦਿਆਰਥੀ ਹਨ।ਉਨ੍ਹਾਂ ਦੱਸਿਆ ਕਿ ਏਸ਼ੀਆ ਕਾਕੇਹਾਸ਼ੀ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਸਾਂਝ, ਗਲੋਬਲ ਦੋਸਤੀ ਅਤੇ ਲੀਡਰਸ਼ਿਪ ਗੁਣਾਂ ਨੂੰ ਉਤਸ਼ਾਹਿਤ ਕਰਨਾ ਹੈ।ਸਕੂਲ ਪ੍ਰਬੰਧਕਾਂ, ਪ੍ਰਿੰਸੀਪਲ ਅਤੇ ਸਟਾਫ ਨੇ ਤਰਿੰਦਰਪਾਲ ਸਿੰਘ ਅਤੇ ਮਾਪਿਆ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੱਤੀ ਅਤੇ ਜਪਾਨ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਨਵਜਨਮਿਆ ਬੱਚਾ ਤੇ ਪੌਦੇ ਦੋਵੇਂ ਪਰਵਰਿਸ਼ ਦੇ ਮੁਥਾਜ



**ਫ਼ਿਰੋਜ਼ਪੁਰ, 28 ਮਈ (ਮਨੋਹਰ ਲਾਲ):—** ਵਾਤਾਵਰਣ ਦੀ ਸ਼ੁੱਧਤਾ ਲਈ ਪੌਦੇ ਲਗਾਉਣਾ ਅਤੇ ਸਾਫ—ਸਫਾਈ ਦਾ ਧਿਆਨ ਰੱਖਣਾ ਅਤਿ ਜ਼ਰੂਰੀ। ਇਹ ਵਿਚਾਰ ਅੱਜ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸੋਢੇਵਾਲਾ ਵਿਚ ਪਹਿਲਾਂ ਦੀ ਤਰ੍ਹਾਂ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ, ਸੀਨੀਅਰ ਸਿਟੀਜਨ, ਸਮਾਜ ਸੁਧਾਰਕ, ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਨੇ ਸਾਂਝੇ ਕੀਤੇ। ਸ੍ਰੀ ਕੁਮਾਰ ਜਿਨ੍ਹਾਂ ਨੇ ਸਵੇਰ ਦੀ ਸਭਾ ਵਿਚ ਬੱਚਿਆਂ, ਮਾਪਿਆਂ ਤੇ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿਥੇ ਬੱਚਿਆਂ ਨੂੰ ਨੈਤਿਕਤਾ ਦਾ ਪਾਠ ਪੜ੍ਹਾਇਆ, ਉਥੇ ਸਿਹਤ ਸਬੰਧੀ ਰੱਖੋ ਤਨ ਮਨ ਆਲੇ—ਦੁਆਲੇ ਦੀ ਸਫਾਈ ਫੇਰ ਲੋੜ ਕੀ ਦਵਾਈ ਤੇ ਨਾਲ ਹੀ ਘਰ ਵਿਚ ਸਕੂਲ, ਸਮਾਜ, ਦੇਸ਼ ਵਿਚ ਬੱਚੇ ਵਿਦਿਆਰਥੀ ਹੋਣਹਾਰ ਬਣ ਪਾਉਂਦੇ ਹਨ, ਜਿਸ ਦੇ ਲਈ ਵਿਦਿਆ ਅਤੇ ਸਿਹਤ ਦਾ ਆਪਸ ਵਿਚ ਨਹੁੰ ਤੇ ਮਾਸ ਦਾ ਰਿਸ਼ਤਾ ਹੈ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਤੰਦਰੁਸਤ ਸਰੀਰ ਵਿਚ ਤੰਦਰੁਸਤ ਵਿਚਾਰ ਤੇ ਚੰਗੇ ਸਮਾਜ ਦੀ ਸਿਰਜਨਾ ਕਰਨ ਲਈ ਸਾਨੂੰ ਬੱਚਿਆਂ, ਮਾਪਿਆਂ ਤੇ ਸਰਕਾਰਾਂ ਨੂੰ ਇਸ ਗੱਲ ਤੇ ਜ਼ੋਰ ਦੇਣਾ ਚਾਹੀਦਾ ਹੈ ਕਿ ਅਸੀਂ ਆਪਸ ਵਿਚ ਤਾਲਮੇਲ, ਬੱਚਿਆਂ ਦੇ ਵਿਕਾਸ ਵਿਚ ਯੋਗਦਾਨ ਪਾਈਏ। ਅੱਜ ਵਾਤਾਵਰਣ ਵਿਚ ਸਾਹ ਲੈਣਾ ਔਖਾ ਹੋ ਗਿਆ ਹੈ, ਉਨ੍ਹੇ ਬੱਚੇ ਕਰੋਨਾਂ ਨਾਲ ਨਹੀਂ ਮਰੇ ਜਿੰਨੇ ਆਕਸੀਜਨ ਦੀ ਕਮੀ ਕਾਰਨ ਮੌਤਾਂ ਹੋਈਆਂ ਹਨ। ਅੱਜ ਅਸੀਂ ਫਖਰ ਨਾਲ ਕਹਿ ਸਕਦੇ ਹਾਂ ਕਿ ਅਸੀਂ ਉਸ ਦੌਰ ਤੋਂ ਸਿੱਖਿਆ ਲੈ ਕੇ ਬੱਚਿਆਂ, ਮਾਪਿਆਂ ਦੇ ਉਪਰਾਲੇ ਨਾਲ ਸਕੂਲ ਵਿਚ ਪੌਦੇ ਲਗਾ ਕੇ ਵਾਤਾਵਰਣ ਹਰਿਆ—ਭਰਿਆ ਬਣਾਇਆ ਹੈ, ਕਿਉਂਕਿ ਬੱਚੇ ਨੂੰ ਜਨਮ ਦੇ ਦੇਣਾ ਅਤੇ ਪੌਦਾ ਲਗਾ ਦੇਣਾ ਹੀ ਕਾਫੀ ਨਹੀਂ ਬਲਕਿ ਉਸਦੀ ਦੇਖਭਾਲ ਅਹਿਮ ਮੁੱਦਾ ਹੈ। ਇਸ ਉਪਰਾਲੇ ਲਈ ਅਸੀਂ ਸਾਰਾ ਸਟਾਫ ਸ੍ਰੀ ਪੀ.ਸੀ ਕੁਮਾਰ ਦੇ ਧੰਨਵਾਦੀ ਹਾਂ।

# ਸਟੇਟ ਪੈਨਸ਼ਨਰਜ ਜੁਆਇੰਟ ਫਰੰਟ ਦੀ ਮੀਟਿੰਗ ਦੌਰਾਨ ਪਾਸ ਕੀਤੇ ਅਹਿਮ ਮਤੇ



**ਫ਼ਿਰੋਜ਼ਪੁਰ, 28 ਮਈ (ਮਨੋਹਰ ਲਾਲ) :—** ਸਟੇਟ ਪੈਨਸ਼ਨਰਜ਼ ਜੁਆਇੰਟ ਫਰੰਟ ਦੇ ਸੱਦੇ ਤੇ ਪਾਵਰਕਾਮ ਦੇ ਦਫਤਰ ਫ਼ਿਰੋਜ਼ਪੁਰ ਛਾਉਣੀ ਵਿਖੇ ਪੈਨਸ਼ਨਰ ਜਾਇੰਟ ਫਰੰਟ ਫ਼ਿਰੋਜ਼ਪੁਰ ਦੀ ਮੀਟਿੰਗ ਸ੍ਰੀ ਰਕੇਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਪੈਨਸ਼ਨਰ ਜਾਇੰਟ ਫਰੰਟ ਫ਼ਿਰੋਜ਼ਪੁਰ ਦੀ ਜ਼ਿਲ੍ਹਾ ਯੂਨਿਟ ਦਾ ਗਠਨ ਕੀਤਾ ਗਿਆ। ਇਸ ਮੀਟਿੰਗ ਦੌਰਾਨ ਇਕ ਵਿਸ਼ੇਸ਼ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿਚ ਕਨਵੀਨਰ ਧਿਰ ਦੇ ਤਿੰਨ ਮੈਂਬਰ ਅਤੇ ਆਜ਼ਾਦ ਧਿਰ ਦੇ ਦੋ ਮੈਂਬਰ ਕਮੇਟੀ ਵਿਚ ਸ਼ਾਮਲ ਕੀਤੇ ਗਏ।ਮੀਟਿੰਗ ਵਿਚ ਪੰਜਾਬ ਪਾਵਰਕੌਮ ਫ਼ਿਰੋਜ਼ਪੁਰ ਵੱਲੋਂ ਰਾਕੇਸ਼ ਸ਼ਰਮਾ ਨੂੰ ਕਨਵੀਨਰ, ਸੁਰਿੰਦਰ ਸ਼ਰਮਾ ਤੇ ਚੰਨਣ ਸਿੰਘ ਨੂੰ ਮੈਂਬਰ ਸ਼ਾਮਲ ਕੀਤਾ ਗਿਆ, ਜਦੋਂ ਕਿ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਫ਼ਿਰੋਜ਼ਪੁਰ ਵੱਲੋਂ ਸੁਬੇਗ ਸਿੰਘ ਅਜੀਜ ਕਨਵੀਨਰ, ਗੁਰਪ੍ਰਤਾਪ ਸਿੰਘ ਅਤੇ ਅਜੀਤ ਸਿੰਘ ਸੋਢੀ ਮੈਂਬਰ ਸ਼ਾਮਲ ਕੀਤੇ ਗਏ। ਇਸ ਮੌਕੇ ਪੰਜਾਬ ਪੈਨਸ਼ਨਰਜ਼ ਕਾਨਫਡਰੇਸ਼ਨ ਵੱਲੋਂ ਸ੍ਰੀ ਕਿਸ਼ਨ ਚੰਦ ਜਾਗੋਵਾਲੀਆ ਕਨਵੀਨਰ, ਪ੍ਰਤਾਪ ਸਿੰਘ ਢਿੱਲੋਂ ਤੇ ਤਰਸੇਮ ਸਿੰਘ ਬੇਦੀ ਨੂੰ ਮੈਂਬਰ ਸ਼ਾਮਲ ਕੀਤਾ ਗਿਆ, ਜਦੋਂ ਕਿ ਪੰਜਾਬ ਪੁਲਿਸ ਵੈਲਫੇਅਰ ਐਸੋਸੀਏਸ਼ਨ ਵੱਲੋਂ ਜ਼ਸਪਾਲ ਸਿੰਘ ਕਨਵੀਨਰ, ਮੁਖਤਿਆਰ ਸਿੰਘ ਮੈਂਬਰ ਤੇ ਅਜਮੇਰ ਸਿੰਘ ਬਾਠ ਨੂੰ ਮੈਂਬਰ ਸ਼ਾਮਲ ਕੀਤਾ ਗਿਆ। ਇਸੀ ਤਰ੍ਹਾਂ ਪੰਜਾਬ ਜੇਲ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਆਜਾਦ ਧਿਰ ਵੱਲੋਂ ਕਸ਼ਮੀਰ ਸਿੰਘ ਕੋ—ਕਨਵੀਨਰ ਅਤੇ ਬਲਦੇਵ ਸਿੰਘ ਨੂੰ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ।

ਗੱਲਬਾਤ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਾਰੀ ਕਮੇਟੀ ਦਾ ਗਠਨ ਕਰਨ ਤੋਂ ਬਾਅਦ ਰਕੇਸ਼ ਸ਼ਰਮਾ ਨੂੰ ਜਨਰਲ ਸੈਕਟਰੀ ਅਤੇ ਕਸ਼ਮੀਰ ਸਿੰਘ ਥਿੰਦ ਨੂੰ ਵਿੱਤ ਸਕੱਤਰ ਨਿਯੁਕਤ ਕੀਤਾ ਗਿਆ। ਅੰਤ ਵਿਚ ਰਕੇਸ਼ ਸ਼ਰਮਾ ਨੇ ਸਾਰੇ ਆਏ ਸਾਥੀਆਂ ਦਾ ਧੰਨਵਾਦ ਕੀਤਾ। ਮੀਟਿੰਗ ਵਿਚ ਮਹਿੰਦਰ ਸਿੰਘ ਧਾਲੀਵਾਲ ਤੇ ਵੱਡੀ ਗਿਣਤੀ ਪੈਨਸ਼ਨਰ ਸਾਥੀ ਹਾਜ਼ਰ ਸਨ। ਪ੍ਰਬੰਧਕਾਂ ਨੇ ਦੱਸਿਆ ਕਿ ਸੰਘਰਸ਼ ਦੀ ਅਗਲੀ ਲੜੀ ਵਿਚ ਇਕ ਜੂਨ 2026 ਨੂੰ ਡੀ.ਸੀ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ ਅਤੇ ਮਿਤੀ 17.06.2026 ਨੂੰ ਜਲੰਧਰ ਵਿਖੇ ਕਨਵੈਨਸ਼ਨ ਵਿਚ ਸਾਰੀਆਂ ਧਿਰਾਂ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ।

## ਸਰਕਾਰੀ ਅਧਿਆਪਕਾਂ ਦੀ ਥਾਂ ਮਰਦਮ ਸ਼ੁਮਾਰੀ ਅਤੇ ਡਰੱਗ ਸਰਵੇ 'ਤੇ ਸਰਕਾਰ ਪੜ੍ਹੇ-ਲਿਖੇ ਬੇਰੁਜ਼ਗਾਰਾਂ ਨੂੰ ਨਿਯੁਕਤ ਕਰੇ : ਐਡਵੋਕੇਟ ਰਜਿੰਦਰ ਰਾਣਾ


**ਕਪੂਰਥਲਾ, 28 ਮਈ (ਆਵਾਜ਼ਿ ਕੌਮ ਬਿਊਰੋ)**-ਸਮਾਜ ਸੇਵਕ, ਚਿੰਤਕ ਅਤੇ ਸੰਯੁਕਤ ਕਿਸਾਨ ਮੋਰਚਾ ਕਪੂਰਥਲਾ ਦੇ ਕਨਵੀਨਰ ਐਡਵੋਕੇਟ ਰਜਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਮਰਦਮ ਸ਼ੁਮਾਰੀ ਅਤੇ ਡਰੱਗ ਸਰਵੇ ਦੇ ਕੰਮ ਉੱਤੇ ਲਗਾ ਕੇ ਸਰਕਾਰ ਨੇ ਜਿੱਥੇ ਅਧਿਆਪਕਾਂ ਨੂੰ ਪਰੇਸ਼ਾਨ ਕੀਤਾ ਹੈ ਉੱਥੇ ਨਾਲ ਹੀ ਬੱਚਿਆਂ ਨੂੰ ਪੜ੍ਹਾਈ ਤੋਂ ਵੀ ਦੂਰ ਕੀਤਾ ਹੈ। ਉਹਨਾਂ ਆਖਿਆ ਕਿ ਕਿੰਨਾ ਚੰਗਾ ਹੋਵੇ ਜੇ ਪੰਜਾਬ ਸਰਕਾਰ ,ਸਰਕਾਰੀ ਅਧਿਆਪਕਾਂ ਦੀ ਥਾਂ ਮਰਦਮ ਸ਼ੁਮਾਰੀ ਅਤੇ ਡਰੱਗ ਸਰਵੇ ਦੇ ਅਹਿਮ ਕੰਮ ਉੱਤੇ ਪੜ੍ਹੇ-ਲਿਖੇ ਬੇਰੁਜ਼ਗਾਰਾਂ ਨੂੰ ਨਿਯੁਕਤ ਕਰੇ। ਐਡਵੋਕੇਟ ਰਜਿੰਦਰ ਰਾਣਾ ਆਖਿਆ ਕਿ ਅਜਿਹਾ ਕਰਨ ਨਾਲ ਜਿੱਥੇ ਪੜੇ - ਲਿਖੇ ਬੇਰੁਜਗਾਰ ਮੁੰਡੇ - ਕੁੜੀਆਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ ਉਥੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਆਉਣ ਵਾਲੇ ਬੱਚਿਆਂ ਨੂੰ ਉਹਨਾਂ ਦੇ ਅਧਿਆਪਕ ਸਕੂਲਾਂ ਵਿੱਚ ਪੜ੍ਹਾਉਣ ਲਈ ਮਿਲਣਗੇ। ਓਹਨਾਂ ਆਖਿਆ ਕਿ ਮਰਦਮ ਸ਼ੁਮਾਰੀ ਅਤੇ ਡਰੱਗ ਸਰਵੇ ਦੇ ਨਾਂ ਉੱਤੇ ਅਧਿਆਪਕ ਵੀ ਪਰੇਸ਼ਾਨ ਨਹੀਂ ਹੋਣਗੇ ਅਤੇ ਬੇਰੁਜ਼ਗਾਰ ਮੁੰਡੇ ਕੁੜੀਆਂ ਨੂੰ ਵੀ ਰੋਜ਼ਗਾਰ ਮਿਲੇਗਾ , ਸਰਕਾਰ ਦਾ ਹਰ ਕੰਮ ਵੀ ਸਮੇਂ ਸਿਰ ਹੋਵੇਗਾ ।ਐਡਵੋਕੇਟ ਰਜਿੰਦਰ ਰਾਣਾ ਨੇ ਆਖਿਆ ਕਿ ਗੈ਼ਰ ਵਿੱਦਿਅਕ ਕਾਰਜ ਮਰਦਮ ਸ਼ੁਮਾਰੀ ਅਤੇ ਡਰੱਗ ਸਰਵੇ ਨੂੰ ਲੈ ਕੇ ਸਰਕਾਰੀ ਸਕੂਲਾਂ ਦੇ ਅਧਿਆਪਕ ਪਰੇਸ਼ਾਨ ਹਨ , ਅਧਿਆਪਕਾਂ ਤੋਂ ਸਖਣੇ ਸਕੂਲਾਂ ਵਿੱਚ ਬੱਚੇ ਘੁੰਮ ਫਿਰ ਕੇ ਬਿਨਾਂ ਹੋਮ ਵਰਕ ਲਏ ਵਾਪਸ ਆ ਰਹੇ ਹਨ ਜਿਸ ਨੂੰ ਲੈ ਕੇ ਮਾਪੇ ਪਰੇਸ਼ਾਨ ਹਨ , ਇਸੇ ਤਰ੍ਹਾਂ ਰੋਜ਼ਗਾਰ ਨਾ ਮਿਲਣ ਕਾਰਨ ਪੜ੍ਹੇ - ਲਿਖੇ ਨੌਜਵਾਨ ਮੁੰਡੇ - ਕੁੜੀਆਂ ਵੀ ਪਰੇਸ਼ਾਨ ਹਨ।

ਦਮਦਮੀ ਟਕਸਾਲ ਨੇ ਸ਼੍ਰੀ ਕਲਗੀਧਰ 'ਤੇ ਨਿਊ ਇੰਡੀਅਨ ਸਕੂਲ ਬੁਤਾਲਾ ਵਿਖੇ

# 27ਵਾਂ ਦੀਵਾਨ ਸਜਾਇਆ

## ਸਕੂਲ ਮੈਨੇਜਮੈਂਟ ਨੇ ਦੁਸ਼ਾਲਾ ਭੇਟ ਕਰਕੇ ਬਾਬਾ ਹਰਨਾਮ ਸਿੰਘ ਦਾ ਕੀਤਾ ਸਨਮਾਨ






















**ਚੌਂਕ ਮਹਿਤਾ, 2 8ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ ਜੂਨ 1984 (ਘੱਲੂਘਾਰਾ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਸ਼ਬਦ ਕੀਰਤਨ ਅਤੇ ਕਥਾ ਸਮਾਗਮ ਮਾਝੇ ਇਲਾਕੇ ਦੇ ਵੱਖ ਵੱਖ ਨਗਰਾਂ, ਕਸਬਿਆਂ ਅਤੇ ਸ਼ਹਿਰਾਂ ਦੇ ਅੰਦਰ ਬੀਤੀ 1 ਮਈ ਤੋਂ ਲਗਾਤਾਰ ਕੀਤੇ ਜਾ ਰਹੇ ਹਨ। ਜਿਸ ਦੇ ਤਹਿਤ ਅੱਜ 27ਵੇਂ ਦਿਨ ਸ਼੍ਰੀ ਕਲਗੀਧਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਨਿਊ ਇੰਡੀਅਨ ਪਬਲਿਕ ਸਕੂਲ (ਬੁਤਾਲਾ) ਵਿਖੇ ਸ਼ਾਮ ਦੇ ਦੀਵਾਨ ਸਜਾਏ ਗਏ। ਸਮਾਗਮ ਨੂੰ ਲੈਕੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ 'ਤੇ ਪ੍ਰਿੰਸੀਪਲ ਕੁਲਬੀਰ ਸਿੰਘ ਮਾਨ ਦੀ ਦੇਖ ਰੇਖ ਹੇਠ ਸਕੂਲ ਮੈਨੇਜਮੈਂਟ ਦੇ ਵੱਲੋਂ ਸੁੱਚਜੇ ਤੇ ਵਿਸ਼ਾਲ ਪ੍ਰਬੰਧ ਕੀਤੇ ਗਏ। ਇਸ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਰਸਭਿਨਾਂ ਕੀਰਤਨ ਕੀਤਾ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸੂਰਜ ਪ੍ਰਕਾਸ਼ ਗ੍ਰੰਥ ਦੇ ਵਿਚੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਲੜੀਵਾਰ ਕਥਾ ਦਾ ਪ੍ਰਸੰਗ ਸਰਵਨ ਕਰਵਾਇਆ ਅਤੇ ਸਮਾਗਮ ਵਿਚ ਹਾਜਰੀ ਭਰ ਰਹੀਆਂ ਬੇਅੰਤ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ। ਕਥਾ ਵਿਚਾਰ ਦੌਰਾਨ ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਨੇ ਨਿਭਾਈ। ਇਸ ਸਮੇਂ ਗਿਆਨੀ ਖਾਲਸਾ ਨੇ ਆਖਿਆ ਕਿ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਦੇ ਵਿੱਚ 1 ਤੋਂ 5 ਜੂਨ ਤਕ ਸ਼ਹੀਦੀ ਹਫਤਾ ਅਤੇ 6 ਜੂਨ ਨੂੰ 42ਵਾਂ ਮਹਾਨ ਸ਼ਹੀਦੀ ਸਮਾਗਮ ਅੰਤਰ ਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਉਨਾਂ ਨੇ ਸਮੂਹ ਸੰਗਤਾਂ ਨੂੰ ਇਨਾ ਸਮਾਗਮਾਂ ਵਿਚ ਹੁੰਮ ਹੁੰਮਾ ਕੇ ਹਾਜਰੀਆਂ ਭਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਦੀ ਅਪੀਲ ਕੀਤੀ। ਦੀਵਾਨ ਦੀ ਸਮਾਪਤੀ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਕੁਲਬੀਰ ਸਿੰਘ ਮਾਨ , ਪ੍ਰਿੰਸੀਪਲ ਮਨਪ੍ਰੀਤ ਸਿੰਘ ਟੱਕਰ,ਅਤੇ ਸਕੂਲ ਮੈਨੇਜਮੈਂਟ ਦੇ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ ਸਤਿਕਾਰ ਵਿਚ ਦੁਸ਼ਲਾ ਅਤੇ ਸਿਰੋਪਾਓ ਭੇਟ ਕੀਤਾ ਗਿਆ। ਇਸ ਦੌਰਾਨ ਸਮਾਗਮ ਵਿਚ ਪਹੁੰਚੀਆਂ ਸੰਗਤਾਂ ਦੇ ਛੱਕਣ ਲੀ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਤੇ ਡਾਕਟਰ ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਅਜਮੇਰ ਸਿੰਘ ਧਰਦਿਉ, ਭਾਈ ਸੁਰਜੀਤ ਸਿੰਘ ਧਰਦਿਉ, ਭਾਈ ਹਰਦੇਵ ਸਿੰਘ ਬੂੜੇ ਨੰਗਲ, ਭਾਈ ਜੁਝਾਰ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ,ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਮਾਪਤੀ ਦੀ ਅਰਦਾਸ ਬੇਨਤੀ ਗਿਆਨੀ ਰਵਿੰਦਰਪਾਲ ਸਿੰਘ ਰਾਜਸਥਾਨੀ ਨੇ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹਰਿਆਣਾ ਕਮੇਟੀ ਦੇ ਸਾਬਕਾ ਮੈਂਬਰ ਅੰਗਰੇਜ਼ ਸਿੰਘ ਗੁਰਾਇਆ ਦੇ ਸਤਿਕਾਰਯੋਗ ਮਾਤਾ ਹਰਬੰਸ ਕੌਰ ਜੀ ਦੀ ਅੱਜ ਅੰਤਿਮ ਅਰਦਾਸ ਗੁਰਦੁਆਰਾ ਨਿੰਮ ਸਾਹਿਬ ਕੈਂਥਲ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਂਟ








ਹਰਿਆਣਾ ਕਮੇਟੀ ਦੇ ਸਾਬਕਾ ਮੈਂਬਰ ਅੰਗਰੇਜ਼ ਸਿੰਘ ਗੁਰਾਇਆ ਦੇ ਸਤਿਕਾਰਯੋਗ ਮਾਤਾ ਹਰਬੰਸ ਕੌਰ ਜੀ ਦੀ ਅੱਜ ਅੰਤਿਮ ਅਰਦਾਸ ਗੁਰਦੁਆਰਾ ਨਿੰਮ ਸਾਹਿਬ ਕੈਂਥਲ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ,ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ ਕੈਂਥਲ,ਸਰਪੰਚ ਭੁਪਿੰਦਰ ਸਿੰਘ ਸੌਂਕੜਾ ਲਾਡੀ ਪ੍ਰਧਾਨ ਨੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਕੁਰੂਕਸ਼ੇਤਰ ਵਿਖੇ ਦਰਸ਼ਨ ਦੀਦਾਰੇ ਕੀਤੇ

# ਗੁਰੂ ਕੇ ਲੰਗਰ ਸੇਵਾ ਲਈ ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ) ਵਲੋਂ 10 ਲੱਖ ਰੁਪਏ ਦਾ ਚੈੱਕ ਭੇਂਟ

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਹੋਰ ਪੰਥਕ ਸ਼ਖਸੀਅਤਾਂ ਹੋਈਆਂ ਨਤਮਸਤਕ






ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਕੁਰੂਕਸ਼ੇਤਰ ਵਿਖੇ ਅੱਜ 28 ਮਈ 2026 ਨੂੰ ਦਰਸ਼ਨ ਦੀਦਾਰੇ ਕੀਤੇ ਅਤੇ ਮੁੱਖ ਦਫ਼ਤਰ ਵਿੱਚ ਮੀਰੀ ਪੀਰੀ ਟਰੱਸਟ ਬਾਰੇ ਪ੍ਰੈਸ ਕਾਨਫਰੰਸ ਕੀਤੀ ਗੁਰੂ ਕੇ ਲੰਗਰ ਸੇਵਾ ਲਈ ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ) ਵਲੋਂ 10 ਲੱਖ ਰੁਪਏ ਦਾ ਚੈੱਕ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸਰਦਾਰ ਸਰਬਜੀਤ ਸਿੰਘ ਜੰਮੂ ਸਕੱਤਰਸਰਦਾਰਗੁਰਵਿੰਦਰਸਿੰਘ ਚੀਫ਼ ਅਕਾਊਂਟੈਂਟ ਦੇ ਸਪੁਰਦ ਕੀਤਾ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ,ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ ਕੈਂਥਲ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ,ਸਰਦਾਰ ਰਜਿੰਦਰ ਸਿੰਘ ਡੁਲਿਆਣਾ ਮੈਂਬਰ ਬਰਾੜਾ ਅੰਬਾਲਾ,ਸਰਦਾਰ ਭੁਪਿੰਦਰ ਸਿੰਘ ਸੌਂਕੜਾ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ,ਸਰਦਾਰ ਭੁਪਿੰਦਰ ਸਿੰਘ ਸੈਣੀ ਮੈਂਬਰ ਪ੍ਰਤੀਨਿਧ ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ,ਅਮਰਜੀਤ ਸਿੰਘ ਲਾਡੀ ਨੀਸਿੰਗ,ਸਰਦਾਰ ਜਸਵਿੰਦਰ ਸਿੰਘ ਚੇਅਰਮੈਨ ਪੈਸਕੋ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਅਕਾਲੀ ਦਲ
ਵਾਰਿਸ ਪੰਜਾਬ ਦੇ
ਮਰਦ-ਏ-ਮੁਜਾਹਿਦ
ਸੰਤ ਬਾਬਾ
ਜਰਨੈਲ ਸਿੰਘ ਜੀ
ਖ਼ਾਲਸਾ ਭਿੰਡਰਾਂਵਾਲਿਆਂ ਦੇ
ਜਨਮ ਦਿਵਸ ਤੇ
2 ਜੂਨ ਨੂੰ
ਰੋਡੇ ਪਹੁੰਚੋ
ਵੱਲੋਂ : ਬਾਪੂ ਤਰਸੇਮ ਸਿੰਘ ਜੀ
ਜਾਰੀ ਕਰਤਾ : ਸ਼ਮਸ਼ੇਰ ਸਿੰਘ ਪੱਧਰੀ
ਆਵਾਜ਼ਿ ਕੌਮ
AWAZE QAUM
International Newspaper & WEB TV

### ਜ਼ਿਰਕਪੁਰ ਵਿੱਚ ਧੂਮਧਾਮ ਨਾਲ ਮਨਾਈ ਗਈ ਈਦ-ਉਲ-ਅਦਾ

# ਈਦਗਾਹ ਅਤੇ ਕਬਰਸਤਾਨ ਦੀ ਮੁਕੰਮਲ ਜਗ੍ਹਾ ਲਈ ਉੱਠੀ ਮੰਗ : ਰੁਸਤਮ ਸ਼ੇਖ



ਈਦ-ਉਲ-ਅਦਾ ਮੁਸਲਿਮ ਭਾਈਚਾਰੇ ਦਾ ਇੱਕ ਪਵਿੱਤਰ ਤਿਉਹਾਰ ਹੈ, ਜੋ ਕੁਰਬਾਨੀ, ਵਿਸ਼ਵਾਸ ਅਤੇ ਅੱਲਾਹ ਪ੍ਰਤੀ ਸਮਰਪਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ । ਈਦ-ਉਲ-ਅਦਾ, ਜਿਸ ਨੂੰ ਬਕਰਾ ਈਦ ਵੀ ਕਿਹਾ ਜਾਂਦਾ ਹੈ, ਮੁਸਲਿਮ ਭਾਈਚਾਰੇ ਦਾ ਇੱਕ ਬਹੁਤ ਵੱਡਾ ਅਤੇ ਪਵਿੱਤਰ ਤਿਉਹਾਰ ਹੈ, ਜੋ ਕੁਰਬਾਨੀ, ਸਬਰ, ਹੌਂਸਲੇ ਅਤੇ ਇਨਸਾਨੀਅਤ ਦਾ ਸੰਦੇਸ਼ ਦਿੰਦਾ ਹੈ। ਜ਼ਿਰਕਪੁਰ ਵਿੱਚ ਈਦ ਦੀ ਨਮਾਜ਼ ਵੱਖ-ਵੱਖ ਮਸਜਿਦਾਂ ਵਿੱਚ ਅਲੱਗ-ਅਲੱਗ ਸਮੇਂ ਅਦਾ ਕੀਤੀ ਗਈ । ਸਭ ਤੋਂ ਪਹਿਲਾਂ ਜਾਮਾ ਮਸਜਿਦ ਸ਼ਰੀਫ਼ਨ- ਬੀ ਸਕਾਈਨੈਟ ਟਾਵਰ ਨੇੜੇ, ਸਵੇਰੇ ਸਾਢੇ ਸੱਤ ਵਜੇ ਈਦ ਦੀ ਨਮਾਜ਼ ਅਦਾ ਕੀਤੀ ਗਈ । ਇਸ ਤੋਂ ਬਾਅਦ ਪਿੰਡ ਭਬਾਤ ਵਿੱਚ ਸਵੇਰੇ ਅੱਠ ਵਜੇ ਨਮਾਜ਼ ਅਦਾ ਕੀਤੀ ਗਈ । ਜ਼ਿਰਕਪੁਰ ਦੀਆਂ ਵੱਖ-ਵੱਖ ਮਸਜਿਦਾਂ ਵਿੱਚ ਕਾਫ਼ੀ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਨੇ ਸ਼ਿਰਕਤ ਕੀਤੀ ਅਤੇ ਭਾਈਚਾਰੇ, ਪਿਆਰ ਤੇ ਅਮਨ ਦਾ ਸੁੰਦਰ ਮਾਹੌਲ ਦੇਖਣ ਨੂੰ ਮਿਲਿਆ। ਰੁਸਤਮ ਸ਼ੇਖ ਨੇ ਦੱਸਿਆ ਕਿ ਜ਼ਿਰਕਪੁਰ ਵਿੱਚ ਮੁਸਲਿਮ ਭਾਈਚਾਰੇ ਲਈ ਅਜੇ ਤੱਕ ਈਦਗਾਹ ਅਤੇ ਕਬਰਸਤਾਨ ਦੀ ਪੱਕੀ ਜਗ੍ਹਾ ਨਹੀਂ ਹੈ । ਈਦ-ਉਲ-ਫਾਈਟਰ ਅਤੇ ਈਦ-ਉਲ-ਅਦਾ ਵਰਗੇ ਵੱਡੇ ਤਿਉਹਾਰਾਂ ਦੀ ਨਮਾਜ਼ ਆਮ ਤੌਰ 'ਤੇ ਈਦਗਾਹ ਵਿੱਚ ਅਦਾ ਕੀਤੀ ਜਾਂਦੀ ਹੈ, ਪਰ ਜਗ੍ਹਾ ਦੀ ਕਮੀ ਕਾਰਨ ਇੱਥੇ ਲੋਕ ਮਸਜਿਦਾਂ ਵਿੱਚ ਨਮਾਜ਼ ਪੜ੍ਹਨ ਲਈ ਮਜਬੂਰ ਹਨ । ਉਹਨਾਂ ਕਿਹਾ ਕਿ ਪੰਜਾਬ ਦੇ ਲਗਭਗ ਹਰ ਸ਼ਹਿਰ ਵਿੱਚ ਈਦਗਾਹ ਦੀ ਸਹੂਲਤ ਮੌਜੂਦ ਹੈ, ਪਰ ਜ਼ਿਰਕਪੁਰ ਵਿੱਚ ਇਹ ਸਹੂਲਤ ਨਾ ਹੋਣਾ ਦੁੱਖ ਦੀ ਗੱਲ ਹੈ। ਉਹਨਾਂ ਦੱਸਿਆ ਕਿ ਕਈ ਵਾਰ ਰਾਜਨੀਤਿਕ ਪਾਰਟੀਆਂ ਅਤੇ ਸਰਕਾਰਾਂ ਕੋਲ ਈਦਗਾਹ ਅਤੇ ਕਬਰਸਤਾਨ ਲਈ ਜਗ੍ਹਾ ਦੀ ਮੰਗ ਰੱਖੀ ਗਈ ਹੈ । ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਮੁਸਲਿਮ ਭਾਈਚਾਰੇ ਲਈ ਈਦਗਾਹ ਅਤੇ ਕਬਰਸਤਾਨ ਦੀ ਜਗ੍ਹਾ ਮੁਹੱਈਆ ਕਰਵਾਈ ਜਾਵੇ, ਤਾਂ ਜੋ ਭਾਈਚਾਰਾ ਆਪਣੇ ਧਾਰਮਿਕ ਤਿਉਹਾਰ ਪੂਰੀ ਸ਼ਰਧਾ ਅਤੇ ਸੁਵਿਧਾ ਨਾਲ ਮਨਾ ਸਕੇ । ਆਖ਼ਿਰ ਵਿੱਚ ਰੁਸਤਮ ਸ਼ੇਖ ਵੱਲੋਂ ਪੂਰੇ ਪੰਜਾਬ ਦੇ ਲੋਕਾਂ ਨੂੰ ਫਿਰ ਤੋਂ ਈਦ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਇਹ ਸੰਦੇਸ਼ ਦਿੱਤਾ ਗਿਆ ਕਿ ਸਾਨੂੰ ਆਪਸੀ ਭਾਈਚਾਰਕ ਸਾਂਝ ਅਤੇ ਪਿਆਰ ਨਾਲ ਰਹਿਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜਿਹੜੇ ਦੇਸ਼ ਅਤੇ ਸੂਬੇ ਵਿੱਚ ਹਰ ਧਰਮ ਦੇ ਲੋਕ ਖੁਸ਼ਹਾਲ ਅਤੇ ਇਕੱਠੇ ਰਹਿੰਦੇ ਹਨ, ਉਹੀ ਸਮਾਜ ਤਰੱਕੀ ਅਤੇ ਕਾਮਯਾਬੀ ਵੱਲ ਵਧਦਾ ਹੈ। ਪੰਜਾਬ ਗੁਰੂਆਂ, ਪੀਰਾਂ ਅਤੇ ਫਕੀਰਾਂ ਦੀ ਧਰਤੀ ਹੈ, ਜਿੱਥੇ ਹਮੇਸ਼ਾ ਇਨਸਾਨੀਅਤ, ਪਿਆਰ ਅਤੇ ਇਕਤਾ ਦਾ ਸੰਦੇਸ਼ ਦਿੱਤਾ ਗਿਆ ਹੈ। ਈਦ ਦਾ ਇਹ ਪਵਿੱਤਰ ਤਿਉਹਾਰ ਵੀ ਸਾਨੂੰ ਕੁਰਬਾਨੀ, ਗਰੀਬਾਂ ਦੀ ਮਦਦ ਕਰਨ ਅਤੇ ਹੱਕ-ਸੱਚ ਲਈ ਖੜ੍ਹੇ ਰਹਿਣ ਦੀ ਪ੍ਰੇਰਣਾ ਦਿੰਦਾ ਹੈ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਨੇ ਚੰਡੀਗੜ੍ਹ ਸਥਿਤ ਉਪ ਦਫ਼ਤਰ ਵਿਖੇ ਜਾਂਚ ਟੀਮ ਨੂੰ ਚੌਥੀ ਵਾਰ ਸੌਂਪਿਆਂ ਰਿਕਾਰਡ



## ਜਾਂਚ ਟੀਮ ਵੱਲੋਂ ਕੋਰਟ ਵਿਚ ਹਲਫ਼ਨਾਮਾ ਦਾਖ਼ਲ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਸਹਿਯੋਗ ਨਾ ਕਰਨ ਬਾਰੇ ਕਹਿਣਾ ਸਰਾਸਰ ਝੂਠ- ਐਡਵੋਕੇਟ ਧਾਮੀ

ਨਵੀਂ ਦਿੱਲੀ, 28 ਮਈ (ਮਨਪ੍ਰੀਤ ਸਿੰਘ ਖਾਲਸਾ):-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ 328 ਪਾਵਨ ਬੀੜਾਂ ਨਾਲ ਸਬੰਧਤ ਮਾਮਲੇ 'ਤੇ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਮੰਗਿਆ ਗਿਆ ਰਿਕਾਰਡ ਪੂਰੀ ਪਾਰਦਰਸ਼ਤਾ ਨਾਲ ਸੌਂਪਿਆ ਗਿਆ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਸਿੱਟ ਦਾ ਪੂਰਾ ਸਹਿਯੋਗ ਕਰ ਰਹੀ ਹੈ। ਇਹ ਪ੍ਰਗਟਾਵਾ ਅੱਜ ਸ਼੍ਰੋਮਣੀ ਕਮੇਟੀ ਦੇ ਚੰਡੀਗੜ੍ਹ ਸਥਿਤ ਉਪ ਦਫ਼ਤਰ ਸਿੱਟ ਨੂੰ ਮੰਗੇ ਗਏ ਦਸਤਾਵੇਜ਼ਾਂ ਦੀਆਂ ਕਾਪੀਆਂ ਦੇਣ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਡੀਆ ਨੂੰ ਸੰਬੋਧਨ ਹੁੰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਇਸ ਮਾਮਲੇ ਦੀ ਪੜਤਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨਿਗਰਾਨੀ ਹੇਠ ਹੋਈ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਦੁਆਰਾ ਬਣਾਈ ਜਾਂਚ ਟੀਮ ਨੂੰ ਸਹਿਯੋਗ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਰਦੇਸ਼ ਅਨੁਸਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 328 ਪਾਵਨ ਬੀੜਾਂ ਦੇ ਮਾਮਲੇ ਵਿਚ 7 ਦਸੰਬਰ 2025 ਨੂੰ ਐਫਆਈਆਰ ਦਰਜ ਕਰਨ ਉਪਰੰਤ ਪਹਿਲੀ ਵਾਰ ਜਾਂਚ ਟੀਮ ਦੁਆਰਾ 13 ਜਨਵਰੀ 2026 ਨੂੰ ਸ਼੍ਰੋਮਣੀ ਕਮੇਟੀ ਨੂੰ ਪੱਤਰ ਪ੍ਰਾਪਤ ਹੋਇਆ ਸੀ ਅਤੇ ਸ਼੍ਰੋਮਣੀ ਕਮੇਟੀ ਨੇ ਮੰਗਿਆ ਰਿਕਾਰਡ 29 ਜਨਵਰੀ 2026 ਨੂੰ ਚੰਡੀਗੜ੍ਹ ਸਥਿਤ ਉਪ ਦਫ਼ਤਰ ਵਿਖੇ ਜਾਂਚ ਟੀਮ ਨੂੰ ਸੌਂਪ ਦਿੱਤਾ ਸੀ। ਇਸ ਮਗਰੋਂ 17 ਫ਼ਰਵਰੀ 2026 ਨੂੰ ਮੁੜ ਪੱਤਰ ਪ੍ਰਾਪਤ ਹੋਇਆ, ਜਿਸ ਵਿਚ 8 ਮੱਦਾਂ ਬਾਰੇ ਮੰਗੀ ਗਈ ਜਾਣਕਾਰੀ 11 ਮਾਰਚ 2026 ਨੂੰ ਜਾਂਚ ਟੀਮ ਨੂੰ ਮੁਹੱਈਆ ਕਰਵਾ ਦਿੱਤੀ ਗਈ ਸੀ। ਇਸੇ ਤਰ੍ਹਾਂ 3 ਅਪ੍ਰੈਲ 2026 ਨੂੰ ਜਾਂਚ ਟੀਮ ਵੱਲੋਂ ਤੀਜਾ ਪੱਤਰ ਭੇਜਿਆ ਗਿਆ, ਜਿਸ ਰਾਹੀਂ ਮੰਗੀਆਂ ਗਈਆਂ 18 ਮੱਦਾਂ ਬਾਰੇ ਰਿਕਾਰਡ 27 ਅਪ੍ਰੈਲ 2026 ਨੂੰ ਜਾਂਚ ਟੀਮ ਦੇ ਸਪੁਰਦ ਕੀਤਾ ਗਿਆ। ਇਸ ਸਾਰੇ ਰਿਕਾਰਡ ਦੀ ਵਸੂਲੀ ਵੀ ਬਕਾਇਦਾ ਤੌਰ 'ਤੇ ਲਈ ਗਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਜਾਂਚ ਟੀਮ ਵੱਲੋਂ ਮੰਗੇ ਗਏ ਬਿੱਲ ਬੁੱਕ ਅਤੇ ਲੈਜਰਾਂ ਨਾਲ ਸਬੰਧਤ ਰਿਕਾਰਡ ਦੀਆਂ ਕਾਪੀਆਂ ਉਨ੍ਹਾਂ ਨੂੰ ਸੌਂਪੀਆਂ ਗਈਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਾਂਚ ਟੀਮ ਵੱਲੋਂ ਕੋਰਟ ਵਿਚ ਇਹ ਹਲਫ਼ਨਾਮਾ ਦਾਖ਼ਲ ਕਰਨਾ ਕਿ ਸ਼੍ਰੋਮਣੀ ਕਮੇਟੀ ਸਹਿਯੋਗ ਨਹੀਂ ਕਰ ਰਹੀ, ਸਰਾਸਰ ਝੂਠ ਹੈ। ਉਨ੍ਹਾਂ ਕਿਹਾ ਕਿ ਸੌਂਪੇ ਗਏ ਦਸਤਾਵੇਜ਼ਾਂ ਸਬੰਧੀ ਵੀਡੀਓ ਰਿਕਾਰਡ ਵੀ ਸਾਡੇ ਕੋਲ ਮੌਜੂਦ ਹੈ। ਜੇਕਰ ਜਾਂਚ ਟੀਮ ਕੋਰਟ ਵਿਚ ਗ਼ਲਤ ਬਿਆਨੀ ਕਰਦੀ ਰਹੀ ਤਾਂ ਇਹ ਵੀਡੀਓਜ਼ ਅਤੇ ਰਿਕਾਰਡ ਜਨਤਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਰਿਕਾਰਡ ਨਾਲ ਸਬੰਧਤ ਤਸਦੀਕਸ਼ੁਦਾ ਕਾਪੀਆਂ ਜਾਂਚ ਟੀਮ ਨੂੰ ਸੌਂਪੀਆਂ ਹਨ ਅਤੇ ਜੇਕਰ ਕੋਰਟ ਆਦੇਸ਼ ਕਰੇਗੀ ਤਾਂ ਅਸਲ ਰਿਕਾਰਡ ਵੀ ਕੋਰਟ ਵਿਚ ਪੇਸ਼ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ 328 ਪਾਵਨ ਬੀੜਾਂ ਨਾਲ ਸਬੰਧਤ ਮਾਮਲੇ 'ਚ ਪੂਰਾ ਸਹਿਯੋਗ ਕਰ ਰਹੀ ਹੈ, ਪ੍ਰੰਤੂ ਜਾਂਚ ਟੀਮ ਵੱਲੋਂ ਜੋ ਜਾਣਕਾਰੀਆਂ ਇਸ ਮਾਮਲੇ ਤੋਂ ਵੱਖਰੀਆਂ ਮੰਗੀਆਂ ਜਾ ਰਹੀਆਂ ਹਨ, ਉਸ ਬਾਰੇ ਕੋਈ ਸਹਿਯੋਗ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਲਿਖਿਆ ਗਿਆ ਹੈ ਅਤੇ ਉਨ੍ਹਾਂ ਦਾ ਜੋ ਵੀ ਆਦੇਸ਼ ਹੋਵੇਗਾ ਉਸ ਸਬੰਧੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਕਮੇਟੀ ਵਿਚ ਵਿਚਾਰ ਕਰਕੇ ਅਗਲੀ ਰਣਨੀਤੀ ਉਲੀਕੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਜਾ ਰਹੇ ਪੂਰੇ ਸਹਿਯੋਗ ਤੋਂ ਬਾਅਦ ਵੀ ਜੇਕਰ ਜਾਂਚ ਟੀਮ ਵੱਲੋਂ ਇਸ ਮਾਮਲੇ ਤੋਂ ਬਾਹਰੀ ਗੈਰ ਜ਼ਰੂਰੀ ਜਾਣਕਾਰੀਆਂ ਮੰਗਣ ਅਤੇ ਕੋਰਟ ਵਿਚ ਗ਼ਲਤ ਬਿਆਨੀ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਸਹਿਯੋਗ ਨਾ ਦਿੱਤੇ ਜਾਣ ਬਾਰੇ ਕਹਿਣਾ ਬੰਦ ਨਾ ਕੀਤਾ ਤਾਂ ਸਾਨੂੰ ਸਹਿਯੋਗ ਬੰਦ ਕਰਨ ਲਈ ਮਜ਼ਬੂਰ ਹੋਣਾ ਪਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਪਰਮਜੀਤ ਸਿੰਘ ਲੱਖੇਵਾਲ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਲਖਬੀਰ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

"੧ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਂਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ........................................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ........................................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਛੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਂਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦਿਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾਂ ਇਨਾਮ | ਦੂਸਰਾ ਇਨਾਮ | ਤੀਸਰਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਦਰੇ ਦੀ ਕੁਸ਼ਤੀ ਗਗਨ ਖਜਾਨਾ ਅਤੇ ਇਕਬਾਲ ਇਰਾਨ ਵਿਚ ਹੋਵੇਗੀ । ਸੱਦੇ ਹੋਏ ਅਖਾੜਿਆ ਟੀਮਾਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ ।
ਉਮਰ 15 ਸਾਲ ਤੱਕ
ਪਹਿਲਾ ਇਨਾਮ-5100, ਦੂਸਰਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ ।
ਉਮਰ 11 ਸਾਲ ਤੱਕ
ਪਹਿਲਾ ਇਨਾਮ-7100, ਦੂਸਰਾ ਇਨਾਮ-6100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ ।
ਪਹਿਲਾ ਇਨਾਮ-
ਦੂਸਰਾ ਇਨਾਮ-20000, ਤੀਜਾ ਇਨਾਮ-15000,
ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ
ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

**ਜੌਹਲ ਹਸਪਤਾਲ**

ਵਲੋਂ ਖਿਡਾਰੀਆ ਅਤੇ ਬਾਹਰੋਂ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ । 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ । 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰੱਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋਂ ਬਾਹਰ ਕੱਢ ਦਿੱਤਾ ਜਾਵੇਗਾ । 5. ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।



**ਰੱਸਾ-ਕੱਸੀ ਕਲੱਬ**
ਮਿਤੀ 28-6-2026
ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ malwatv ਦਿਖਾਏ ਜਾਣਗੇ ।

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਜੱਲਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**